ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 2 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੭ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243



ਪੰਜਾਬ 'ਚ ਹੈਰਾਨ ਕਰਦੀ ਘਟਨਾ, ਸਕੀਆਂ ਭੈਣਾਂ ਸਣੇ 3 ਕੁੜੀਆਂ ਦੀ ਰਹੱਸਮਈ ਮੌਤ ! ਪੂਰੇ ਪਿੰਡ 'ਚ ਡਰ ਦਾ ਮਾਹੌਲ

ਫਿਰੋਜ਼ਪੁਰ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਫਿਰੋਜ਼ਪੁਰ ਦੇ ਪਿੰਡ ਮੋਹਰੇ ਵਾਲੇ ਤੋਂ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਪਿੰਡ 'ਚ 3 ਬੱਚੀਆਂ ਦੀ ਅਚਾਨਕ ਮੌਤ ਹੋ ਗਈ ਹੈ, ਜਿਸ ਤੋਂ ਬਾਅਦ ਪੂਰੇ ਪਿੰਡ 'ਚ ਸਹਿਮ ਦਾ ਮਾਹੌਲ ਹੈ। ਇਨ੍ਹਾਂ 'ਚੋਂ 2 ਬੱਚੀਆਂ ਖ਼ੁਸ਼ਨਬੀਰ (7) ਅਤੇ ਗੁਰਵੀਰ (1) ਇਕ ਪਰਿਵਾਰ ਦੀਆਂ ਅਤੇ ਇਕ ਬੱਚੀ ਮਨਪ੍ਰੀਤ ਕੌਰ (6 ਮਹੀਨੇ) ਦੂਜੇ ਪਰਿਵਾਰ ਦੀ ਹੈ। ਜਾਣਕਾਰੀ ਮੁਤਾਬਕ ਪਿੰਡ ਵਾਲਿਆਂ ਦਾ ਕਹਿਣਾ ਹੈ ਕਿ ਤਿੰਨਾਂ ਬੱਚੀਆਂ ਦੇ ਮੂੰਹ 'ਚੋਂ ਝੱਗ ਨਿਕਲੀ ਹੈ, ਹਾਲਾਂਕਿ ਮੌਤ ਦੇ ਕਾਰਨਾਂ ਦਾ ਅਜੇ ਤੱਕ ਕੁੱਝ ਪਤਾ ਨਹੀਂ ਲੱਗਿਆ ਹੈ। ਬੱਚੀਆਂ ਦੀ ਮੌਤ ਕਾਰਨ ਪਰਿਵਾਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ।

ਬੱਚੀਆਂ ਦੀਆਂ ਮ੍ਰਿਤਕ ਦੇਹਾਂ ਨੂੰ ਫਿਰੋਜ਼ਪੁਰ ਦੇ ਸਿਵਲ ਹਸਪਤਾਲ 'ਚ ਪੋਸਟਮਾਰਟਮ ਲਈ ਰੱਖਿਆ ਗਿਆ ਹੈ। ਇਸ ਮਾਮਲੇ ਨੂੰ ਲੈ ਕੇ ਸਿਹਤ ਵਿਭਾਗ ਦੀ ਟੀਮ ਵੀ ਪਿੰਡ 'ਚ ਪੁੱਜ ਚੁੱਕੀ ਹੈ। ਟੀਮ ਦਾ ਕਹਿਣਾ ਹੈ ਕਿ ਪੂਰੇ ਪਿੰਡ 'ਚ ਸਰਵੇ ਕਰਕੇ ਪਤਾ ਲਾਇਆ ਜਾਵੇਗਾ ਕਿ ਆਖ਼ਰ ਬੱਚੀਆਂ ਦੀ ਮੌਤ ਦਾ ਕੀ ਕਾਰਨ ਰਿਹਾ ਹੋਵੇਗਾ।

ਪੰਜਾਬ ਦੀ ਸਿਆਸਤ 'ਚ ਵੱਡਾ ਧਮਾਕਾ !

'ਆਪ' ਦੇ 2 ਵਿਧਾਇਕਾਂ ਨੇ ਦਿੱਤਾ ਅਸਤੀਫ਼ਾ



ਚੰਡੀਗੜ੍ਹ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੀ ਸਿਆਸਤ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਆਮ ਆਦਮੀ ਪਾਰਟੀ ਦੇ 2 ਮੌਜੂਦਾ ਵਿਧਾਇਕਾਂ ਨੇ ਪਾਰਟੀ ਤੋਂ ਅਸਤੀਫ਼ਾ ਦੇ ਦਿੱਤਾ ਹੈ। ਸਮਾਣਾ ਤੋਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ਼ ਦਿੱਤਾ ਹੈ। ਦੋਵਾਂ ਆਗੂਆਂ ਵੱਲੋਂ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ ਗਿਆ ਹੈ। ਇਸ ਸਬੰਧੀ ਉਨ੍ਹਾਂ ਸੋਸ਼ਲ ਮੀਡੀਆ ਅਕਾਊਂਟ 'ਤੇ ਜਾਣਕਾਰੀ ਸਾਂਝੀ ਕੀਤੀ ਹੈ। ਅਸਤੀਫ਼ੇ ਦੇ ਐਲਾਨ ਮਗਰੋਂ MLA ਪਠਾਨਮਾਜਰਾ ਨੇ ਸੋਸ਼ਲ ਮੀਡੀਆ ਰਾਹੀਂ ਆਖ਼ਿਆ ਹੈ ਕਿ ਉਹ ਅੱਜ ਪ੍ਰੈੱਸ ਕਾਨਫ਼ਰੰਸ ਕਰ ਕੇ ਵੱਡੇ ਖ਼ੁਲਾਸੇ ਕਰਨਗੇ। ਅਸਤੀਫ਼ਾ ਦੇਣ ਵਾਲੇ ਦੋਹਾਂ ਵਿਧਾਇਕਾਂ ਵੱਲੋਂ ਅੱਜ ਸ਼ਾਮ 4.30 ਵਜੇ ਚੰਡੀਗੜ੍ਹ 'ਚ ਪ੍ਰੈੱਸ ਕਾਨਫ਼ਰੰਸ ਸੱਦੀ ਗਈ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਠੀਕ ਪਹਿਲਾਂ ਆਏ ਇਨ੍ਹਾਂ ਅਸਤੀਫ਼ਿਆਂ ਨਾਲ ਸਿਆਸੀ ਹਲਚਲ ਤੇਜ਼ ਹੋ ਗਈ ਹੈ।

ਅਸਤੀਫ਼ੇ ਮਗਰੋਂ 'ਆਪ' ਵਿਧਾਇਕਾਂ ਨੇ ਪਾਰਟੀ 'ਤੇ ਚੁੱਕੇ ਸਵਾਲ, ਰੇਤ ਮਾਫ਼ੀਆ ਨੂੰ ਲੈ ਕੇ ਵੀ ਦਿੱਤਾ ਬਿਆਨ

ਚੰਡੀਗੜ੍ਹ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੀ ਸਿਆਸਤ 'ਚ ਉਸ ਸਮੇਂ ਨਵਾਂ ਸਿਆਸੀ ਵਿਵਾਦ ਖੜ੍ਹਾ ਹੋ ਗਿਆ, ਜਦੋਂ ਆਮ ਆਦਮੀ ਪਾਰਟੀ ਦੇ 2 ਮੌਜੂਦਾ ਵਿਧਾਇਕਾਂ ਹਰਮੀਤ ਸਿੰਘ ਪਠਾਣਮਾਜਰਾ ਅਤੇ ਚੇਤਨ ਸਿੰਘ ਜੋੜਾਮਾਜਰਾ ਨੇ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ। ਦੋਵਾਂ ਆਗੂਆਂ ਨੇ ਤੁਰੰਤ ਪ੍ਰਭਾਵ ਨਾਲ ਪਾਰਟੀ ਛੱਡਣ ਦਾ ਐਲਾਨ ਕੀਤਾ। ਅਸਤੀਫ਼ੇ ਤੋਂ ਬਾਅਦ ਕੀਤੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਹਰਮੀਤ ਸਿੰਘ ਪਠਾਣਮਾਜਰਾ ਨੇ ਪਾਰਟੀ ਦੀ ਕਾਰਜ ਪ੍ਰਣਾਲੀ, ਲੀਡਰਸ਼ਿਪ ਅਤੇ ਸਰਕਾਰ ਦੇ ਕੰਮਕਾਜ 'ਤੇ ਕਈ ਸਵਾਲ ਖੜ੍ਹੇ ਕੀਤੇ। ਪਠਾਣਮਾਜਰਾ ਨੇ ਕਿਹਾ ਕਿ ਕਈ ਅਜਿਹੇ ਆਗੂ ਹਨ, ਜਿਹੜੇ ਪਹਿਲਾਂ ਉਨ੍ਹਾਂ ਦੇ ਨਾਲ ਸਹਿਮਤ ਸਨ ਅਤੇ ਇਕੱਠੇ ਚੱਲਣ ਦੀ ਗੱਲ ਕਰਦੇ ਸਨ ਪਰ ਹੁਣ ਹਾਲਾਤ ਬਦਲ ਗਏ ਹਨ। ਹਰਮੀਤ ਸਿੰਘ ਪਠਾਣਮਾਜਰਾ ਨੇ ਕਿਹਾ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਬਣਦਾ ਮਾਣ-ਸਤਿਕਾਰ ਨਹੀਂ ਮਿਲਿਆ। ਉਨ੍ਹਾਂ ਦੇ ਵਜੂਦ ਨੂੰ ਹੀ ਨਜ਼ਰ-ਅੰਦਾਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬਾਬਾ ਬੁੱਢਾ ਸਾਹਿਬ ਦੀ ਕਿਰਪਾ ਨਾਲ ਉਹ ਮੁੜ ਆਪਣੇ ਹਲਕੇ 'ਚ ਲੋਕਾਂ ਵਿਚਕਾਰ ਖੜ੍ਹੇ ਹੋਣਗੇ। ਪਠਾਣਮਾਜਰਾ ਨੇ ਆਪਣੇ ਹਲਕੇ 'ਚ ਕਰਵਾਏ ਅਖੰਡ ਪਾਠ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਵਿੱਚ ਹਜ਼ਾਰਾਂ ਲੋਕ ਪਹੁੰਚੇ ਸਨ। ਉਨ੍ਹਾਂ ਨੇ ਆਪਣੇ ਸਿਆਸੀ ਵਿਰੋਧੀਆਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਉਨ੍ਹਾਂ ਦੇ ਇਲਾਕੇ ਵਿੱਚ ਆਪਣੀ ਸਿਆਸੀ ਤਾਕਤ ਸਾਬਤ ਕਰ ਸਕਦਾ ਹੈ ਤਾਂ ਕਰਕੇ ਦਿਖਾਵੇ। ਉਨ੍ਹਾਂ ਕਿਹਾ ਕਿ ਉਹ ਆਪਣੇ ਲੋਕਾਂ ਦੇ ਸਹਿਯੋਗ ਨਾਲ ਸਿਆਸਤ ਵਿੱਚ ਅੱਗੇ ਵੱਧਣਗੇ। ਪਠਾਣਮਾਜਰਾ ਨੇ ਆਪਣੇ ਅਤੇ ਹੋਰ ਆਗੂਆਂ ਖ਼ਿਲਾਫ਼ ਲੱਗ ਰਹੇ ਰੇਤ ਮਾਫੀਆ ਦੇ ਇਲਜ਼ਾਮਾਂ ਦਾ ਵੀ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸ਼ਰੇਆਮ ਰੇਤ ਮਾਫੀਆ ਕਿਹਾ ਜਾ ਰਿਹਾ ਹੈ ਪਰ ਜੇਕਰ ਕਿਸੇ ਕੋਲ ਕੋਈ ਸਬੂਤ ਹੈ ਤਾਂ ਉਹ ਸਾਹਮਣੇ ਲਿਆਂਦਾ ਜਾਵੇ। ਉਨ੍ਹਾਂ ਦਾਅਵਾ ਕੀਤਾ ਕਿ ਉਨ੍ਹਾਂ ਕੋਲ ਆਪਣੇ ਪੱਖ ਵਿੱਚ ਰਿਕਾਰਡ ਮੌਜੂਦ ਹੈ ਅਤੇ ਉਹ ਕਿਸੇ ਵੀ ਜਾਂਚ ਦਾ ਸਾਹਮਣਾ ਕਰਨ ਲਈ ਤਿਆਰ ਹਨ। ਉਨ੍ਹਾਂ ਨੇ ਆਪਣੀ ਜਾਇਦਾਦ ਅਤੇ ਆਮਦਨ ਸਬੰਧੀ ਵੀ ਸਵਾਲ ਚੁੱਕਦਿਆਂ ਕਿਹਾ ਕਿ ਉਨ੍ਹਾਂ ਦੇ ਘਰ ਅਤੇ ਜਾਇਦਾਦ ਬਾਰੇ ਵੀ ਗੱਲਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਖ਼ਿਲਾਫ਼ ਭ੍ਰਿਸ਼ਟਾਚਾਰ ਦੇ ਕੋਈ ਸਬੂਤ ਹਨ ਤਾਂ ਸਾਹਮਣੇ ਲਿਆਂਦੇ ਜਾਣ।

ਸੁੱਤੀ ਪਈ ਧੀ ਦਾ ਕਤਲ ਕਰਨ ਵਾਲੇ ਪਿਓ ਨੇ ਵੀ ਕੀਤੀ ਖ਼ੁਦਕੁਸ਼ੀ



ਹੁਸ਼ਿਆਰਪੁਰ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਹੁਸ਼ਿਆਰਪੁਰ ਜ਼ਿਲ੍ਹੇ ਵਿਚ ਪਿੰਡ ਧੂਤ ਕਲਾਂ ਵਿਖੇ ਆਪਣੀ ਨਾਬਾਲਗ ਧੀ ਦਾ ਕਤਲ ਕਰਨ ਤੋਂ ਬਾਅਦ ਫ਼ਰਾਰ ਪਿਤਾ ਵੱਲੋਂ ਵੀ ਖ਼ੁਦਕੁਸ਼ੀ ਕਰਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਦੀ ਪਛਾਣ ਅਮਰਜੀਤ ਸਿੰਘ ਵਾਸੀ ਪਿੰਡ ਧੂਤ ਕਲਾਂ ਵਜੋਂ ਹੋਈ। ਜ਼ਿਕਰਯੋਗ ਹੈ ਕਿ ਥਾਣਾ ਹਰਿਆਣਾ ਅਧੀਨ ਆਉਂਦੇ ਪਿੰਡ ਧੂਤ ਕਲਾਂ ਵਿਖੇ ਅਮਰਜੀਤ ਸਿੰਘ (42) ਵੱਲੋਂ ਆਪਣੀ ਹੀ ਸੁੱਤੀ ਪਈ ਧੀ ਇੰਦਰਪ੍ਰੀਤ ਕੌਰ ਦਾ ਕਤਲ ਕਰ ਦਿੱਤਾ ਗਿਆ ਸੀ। ਇੰਦਰਪ੍ਰੀਤ ਕੌਰ 12ਵੀਂ ਜਮਾਤ ਦੀ ਵਿਦਿਆਰਥਣ ਸੀ। ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਉਕਤ ਪਿਓ ਮੌਕੇ ਤੋਂ ਫ਼ਰਾਰ ਹੋ ਗਿਆ ਸੀ, ਜਿਸ ਦੀ ਪੁਲਸ ਵੱਲੋਂ ਭਾਲ ਕੀਤੀ ਜਾ ਰਹੀ ਸੀ। ਮ੍ਰਿਤਕ ਲੜਕੀ ਦਾ ਸ਼ਨੀਵਾਰ ਨੂੰ ਉਸ ਦੇ ਨਾਨਕੇ ਪਰਿਵਾਰ ਵੱਲੋਂ ਪਿੰਡ ਪਲਾਹੀ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਪੁਲਸ ਚੌਂਕੀ ਭੂੰਗਾ ਦੇ ਇੰਚਾਰਜ ਐੱਸ. ਆਈ. ਅਜਮੇਰ ਸਿੰਘ ਨੇ ਦੱਸਿਆ ਕਿ ਥਾਣਾ ਸਿਟੀ ਹੁਸ਼ਿਆਰਪੁਰ ਦੀ ਪੁਲਸ ਨੂੰ ਦੁਸਹਿਰਾ ਗਰਾਊਂਡ 'ਚੋਂ ਇਕ ਵਿਅਕਤੀ ਦੀ ਲਾਸ਼ ਬਰਾਮਦ ਹੋਈ। ਪਿੰਡ ਧੂਤ ਕਲਾਂ ਦੇ ਸਰਪੰਚ ਅਤੇ ਮ੍ਰਿਤਕ ਦੇ ਜੀਜੇ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਦੀ ਪਛਾਣ ਅਮਰਜੀਤ ਸਿੰਘ ਵਜੋਂ ਕੀਤੀ। ਥਾਣਾ ਸਦਰ ਹੁਸ਼ਿਆਰਪੁਰ ਦੀ ਪੁਲਸ ਨੇ ਲਾਸ਼ ਨੂੰ ਆਪਣੇ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਹੁਸ਼ਿਆਰਪੁਰ ਭੇਜ ਦਿੱਤਾ ਹੈ ਅਤੇ ਮਾਮਲੇ ਦੀ ਅਗਲੇਰੀ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਹੁਸ਼ਿਆਰਪੁਰ ਜ਼ਿਲ੍ਹੇ ਵਿਚ ਪਿਓ ਵੱਲੋਂ ਕਤਲ ਕੀਤੀ ਧੀ ਦੇ ਮਾਮਲੇ ਵਿਚ ਮੁੱਢਲੀ ਪੁਲਸ ਜਾਂਚ ਵਿਚ ਇਹ ਖ਼ੁਲਾਸਾ ਹੋਇਆ ਸੀ ਕਿ ਮੁਲਜ਼ਮ ਪਿਓ ਪੁੱਤ ਨਾ ਹੋਣ ਕਾਰਨ ਨਾਰਾਜ਼ ਰਹਿੰਦਾ ਸੀ। ਇਹ ਘਟਨਾ ਹੁਸ਼ਿਆਰਪੁਰ ਦੇ ਕਸਬਾ ਹਰਿਆਣਾ ਅਧੀਨ ਪੈਂਦੇ ਪਿੰਡ ਧੂਤ ਕਲਾਂ ਦੀ ਹੈ। ਮ੍ਰਿਤਕ ਕੁੜੀ ਦੀ ਪਛਾਣ ਇੰਦਰਪ੍ਰੀਤ ਕੌਰ ਵਜੋਂ ਹੋਈ ਸੀ, ਜੋ ਸਰਕਾਰੀ ਸਕੂਲ ਧੂਤ ਕਲਾਂ 'ਚ 12ਵੀਂ ਜਮਾਤ ਦੀ ਵਿਦਿਆਰਥਣ ਸੀ। ਦੱਸਿਆ ਜਾ ਰਿਹਾ ਹੈ ਕਿ ਇੰਦਰਪ੍ਰੀਤ ਪੜ੍ਹਾਈ ਵਿੱਚ ਕਾਫ਼ੀ ਹੁਸ਼ਿਆਰ ਸੀ। ਮ੍ਰਿਤਕਾ ਦੇ ਮਾਮੇ ਮਨਜੀਤ ਸਿੰਘ ਨੇ ਦੱਸਿਆ ਸੀ ਕਿ ਉਸ ਦਾ ਜੀਜਾ ਸ਼ੁਰੂ ਤੋਂ ਹੀ ਪੁੱਤ ਹੋਣ ਦੀ ਇੱਛਾ ਰੱਖਦਾ ਸੀ, ਇਸੇ ਕਰਕੇ ਉਹ ਆਪਣੀ ਕੁੜੀ ਨਾਲ ਨਾਰਾਜ਼ ਰਹਿੰਦਾ ਸੀ। ਉਨ੍ਹਾਂ ਕਿਹਾ ਕਿ ਪਰਿਵਾਰ ਨੂੰ ਕਦੇ ਅੰਦਾਜ਼ਾ ਨਹੀਂ ਸੀ ਕਿ ਉਹ ਆਪਣੀ ਹੀ ਧੀ ਨਾਲ ਅਜਿਹਾ ਕਰ ਸਕਦਾ ਹੈ। ਉਨ੍ਹਾਂ ਪੁਲਸ ਤੋਂ ਮੁਲਜ਼ਮ ਨੂੰ ਜਲਦੀ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾ ਦਿਵਾਉਣ ਦੀ ਮੰਗ ਕੀਤੀ ਸੀ। ਡੀ. ਐੱਸ. ਪੀ. ਦਿਹਾਤੀ ਨਰਿੰਦਰ ਸਿੰਘ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਮੌਕੇ 'ਤੇ ਪਹੁੰਚੀ ਅਤੇ ਅਗਲੇਰੀ ਜਾਂਚ ਸ਼ੁਰੂ ਕੀਤੀ। ਜਾਂਚ ਦੌਰਾਨ ਕੁੜੀ ਦੀ ਮਾਮੇ ਵੱਲੋਂ ਇਹ ਖ਼ੁਲਾਸਾ ਕੀਤਾ ਗਿਆ ਹੈ ਕਿ ਧੀ ਨੂੰ ਮੌਤ ਦੇ ਘਾਟ ਉਤਾਰਣ ਵਾਲਾ ਪਿਓ ਪੁੱਤ ਦੀ ਇੱਛਾ ਰੱਖਦਾ ਸੀ, ਜਿਸ ਕਰਕੇ ਉਹ ਨਾਰਾਜ਼ ਰਹਿੰਦਾ ਸੀ। ਪੁਲਸ ਨੇ ਮ੍ਰਿਤਕਾ ਦੀ ਮਾਂ ਬਲਜੀਤ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕੀਤਾ ਗਿਆ ਸੀ। ਹੁਣ ਇਸ ਮਾਮਲੇ ਵਿਚ ਪਿਓ ਨੇ ਖ਼ੁਦਕੁਸ਼ੀ ਕਰਕੇ ਆਪਣੀ ਜੀਵਨਲੀਲਾ ਨੂੰ ਖ਼ਤਮ ਕਰ ਲਿਆ।

ਦਲਜੀਤ ਸਿੰਘ ਦੇ ਸਸਕਾਰ ਨੂੰ ਲੈ ਕੇ ਕਸੂਤੇ ਬਣੇ ਹਾਲਾਤ, ਪਰਿਵਾਰ ਨੂੰ ਮਨਾਉਣ ਧਰਨੇ 'ਚ ਪੁੱਜੀ ਪੰਚਾਇਤ



ਮਾਨਸਾ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਰਵਿੰਦਰ ਸਿੰਘ ਝੋਟਾ ਦਾ 20ਵੇਂ ਦਿਨ ਵੀ ਅੰਤਿਮ ਸਸਕਾਰ ਨਾ ਹੋਣ ਤੋਂ ਇਲਾਵਾ ਪਿੰਡ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਸਿੰਘ ਦੇ ਸਸਕਾਰ ਦਾ ਮਾਮਲਾ ਵੀ ਉਲਝ ਗਿਆ ਹੈ। 6ਵੇਂ ਦਿਨ ਦਲਜੀਤ ਸਿੰਘ ਦੇ ਪਰਿਵਾਰ ਨੇ ਅੰਤਿਮ ਸਸਕਾਰ ਕਰਨ ਤੋਂ ਕੋਰੀ ਨਾਂਹ ਕਰ ਦਿੱਤੀ। ਐਤਵਾਰ ਨੂੰ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਸਿੰਘ ਦੇ ਪਿਤਾ ਜਰਨੈਲ ਸਿੰਘ ਦੇ ਕਹਿਣ 'ਤੇ ਪਿੰਡ ਦੀ ਪੰਚਾਇਤ ਅਤੇ ਮੋਹਤਬਰ ਵਿਅਕਤੀ ਸਰਪੰਚ ਗੁਰਵਿੰਦਰ ਸਿੰਘ ਦੀ ਅਗਵਾਈ ਵਿਚ ਉਸ ਦੀ ਮਾਂ ਸ਼ਿੰਦਰਪਾਲ ਕੌਰ, ਪਤਨੀ ਪਰਮਜੀਤ ਕੌਰ ਅਤੇ ਭੈਣ ਅਮਰਜੀਤ ਕੌਰ ਨੂੰ ਮਿਲੇ ਅਤੇ ਦਲਜੀਤ ਦੇ ਅੰਤਿਮ ਸਸਕਾਰ ਸਬੰਧੀ ਗੱਲ ਕੀਤੀ। ਧਰਨੇ ਵਿਚ ਬੈਠੇ ਦਲਜੀਤ ਦੀ ਮਾਂ ਅਤੇ ਪਤਨੀ ਨੇ ਉਸ ਦਾ ਅੰਤਿਮ ਸਸਕਾਰ ਕਰਨ ਤੋਂ ਨਾਂਹ ਕਰਦਿਆਂ ਕਿਹਾ ਕਿ ਜਦੋਂ ਤੱਕ ਲੱਖਾ ਸਿਧਾਣਾ, ਮੋਹਨਜੀਤ ਸ਼ੇਰੋਂ ਅਤੇ ਉਨ੍ਹਾਂ ਦੇ ਪਿੰਡ ਦੇ ਨੌਜਵਾਨਾਂ 'ਤੇ ਦਰਜ ਕੀਤੇ ਮਾਮਲੇ ਰੱਦ ਨਹੀਂ ਕੀਤੇ ਜਾਂਦੇ, ਉਦੋਂ ਤੱਕ ਦਲਜੀਤ ਸਿੰਘ ਦੇ ਅੰਤਿਮ ਸਸਕਾਰ ਦਾ ਸਵਾਲ ਵੀ ਪੈਦਾ ਨਹੀਂ ਹੁੰਦਾ। ਉਧਰ ਦਲਜੀਤ ਦੇ ਪਿਤਾ ਜਰਨੈਲ ਸਿੰਘ ਆਪਣੇ ਰਿਸ਼ਤੇਦਾਰਾਂ ਨਾਲ ਪਿੰਡ ਭੰਮੇ ਕਲਾਂ ਸੱਥਰ 'ਚ ਬੈਠੇ ਪਰਿਵਾਰ ਨੂੰ ਘਰ ਆਉਣ ਦੀ ਗੁਹਾਰ ਲਗਾ ਰਹੇ ਹਨ। ਉਧਰ ਪਰਵਿੰਦਰ ਝੋਟਾ ਦੇ ਪਿਤਾ ਭੀਮ ਸਿੰਘ ਨੇ ਕਿਹਾ ਕਿ ਬੇਸ਼ੱਕ ਇਸ ਸੰਘਰਸ਼ ਅਤੇ ਅੰਦੋਲਨ ਵਿਚ ਮਹੀਨੇਬੱਧੀ ਸਮਾਂ ਲੱਗ ਜਾਵੇ ਪਰ ਮੰਗਾਂ ਦੀ ਪੂਰਤੀ ਤੋਂ ਬਿਨਾਂ ਉਹ ਆਪਣੇ ਪੁੱਤਰ ਦਾ ਅੰਤਿਮ ਸਸਕਾਰ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਪਿੰਡ ਭੰਮੇ ਕਲਾਂ ਅਤੇ ਸੂਬੇ ਭਰ ਵਿਚ ਪੋਸਟਰ ਪਾੜਨ ਨੂੰ ਲੈ ਕੇ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕਰਕੇ ਮਾਮਲੇ ਦਰਜ ਕਰਨ ਵਾਲੇ ਨੌਜਵਾਨਾਂ ਨੂੰ ਪੁਲਸ ਰਿਹਾਅ ਕਰਕੇ ਸਾਰੇ ਮਾਮਲੇ ਰੱਦ ਕਰੇ। ਉਧਰ ਦਲਜੀਤ ਦੇ ਪਰਿਵਾਰ ਨੇ ਹਾਈਕੋਰਟ ਵਿਚ ਵੀ ਗੁਹਾਰ ਲਗਾਈ ਹੈ। ਦਲਜੀਤ ਦੀ ਭੈਣ ਅਮਰਜੀਤ ਕੌਰ ਨੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਪਟੀਸ਼ਨ ਦਾਇਰ ਕਰਕੇ ਇਸ ਦੀ ਸੀ. ਬੀ. ਆਈ. ਜਾਂਚ, ਪੀ. ਜੀ. ਆਈ. ਚੰਡੀਗੜ੍ਹ ਦੇ ਡਾਕਟਰਾਂ ਤੋਂ ਪੋਸਟਮਾਰਟਮ ਕਰਵਾਉਣ ਅਤੇ ਪਰਿਵਾਰ ਲਈ ਸੁਰੱਖਿਆ ਦੀ ਮੰਗ ਕੀਤੀ ਹੈ, ਜਿਸ ਦੀ ਸੁਣਵਾਈ ਭਲਕੇ 2 ਨਵੰਬਰ ਨੂੰ ਹੋਵੇਗੀ।

ਨਾਲੀਆਂ 'ਚੋਂ ਨਿਕਲ ਰਿਹਾ 'ਸੋਨਾ' ! ਦੂਰੋਂ-ਦੂਰੋਂ ਕੂੜੇ ਦੇ ਢੇਰ ਫਰੋਲਣ ਆਉਂਦੇ ਨੇ ਲੋਕ

ਨਵੀਂ ਦਿੱਲੀ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਆਮ ਤੌਰ 'ਤੇ ਲੋਕ ਕੂੜੇ ਅਤੇ ਨਾਲੀਆਂ ਤੋਂ ਦੂਰ ਰਹਿੰਦੇ ਹਨ ਪਰ ਬਿਹਾਰ ਦੇ ਆਰਾ 'ਚ ਕੁਝ ਲੋਕ ਨਾਲੀਆਂ 'ਚ ਸੋਨੇ ਦੀ ਭਾਲ ਕਰਦੇ ਹਨ। ਆਰਾ ਦੇ ਗੁਦਰੀ ਬਾਜ਼ਾਰ ਅਤੇ ਜਗਜੀਵਨ ਮਾਰਕੀਟ 'ਚ ਸੋਨੇ-ਚਾਂਦੀ ਦੇ ਗਹਿਣਿਆਂ ਦਾ ਵੱਡੇ ਪੈਮਾਨੇ 'ਤੇ ਕਾਰੋਬਾਰ ਹੁੰਦਾ ਹੈ। ਇੱਥੇ ਕਈ ਦੁਕਾਨਾਂ 'ਚ ਗਹਿਣੇ ਬਣਾਉਣ, ਉਨ੍ਹਾਂ ਦੀ ਕਟਿੰਗ, ਘਿਸਾਈ ਅਤੇ ਪਾਲਿਸ਼ ਦਾ ਕੰਮ ਹੁੰਦਾ ਹੈ। ਇਸ ਦੌਰਾਨ ਸੋਨੇ ਦੇ



ਛੋਟੇ ਕਣ ਧੂੜ ਅਤੇ ਬੁਰਾਦੇ ਨਾਲ ਮਿਲ ਜਾਂਦੇ ਹਨ। ਸਫ਼ਾਈ ਤੋਂ ਬਾਅਦ ਕੁਝ ਕਣ ਪਾਣੀ ਨਾਲ ਰੁੜ ਕੇ ਨਾਲੀਆਂ 'ਚ ਪਹੁੰਚ ਜਾਂਦੇ ਹਨ। ਲੋਕ ਨਾਲੀਆਂ ਦੀ ਮਿੱਟੀ ਛਾਣ ਕੇ ਅਤੇ ਧੋ ਕੇ ਸੋਨੇ ਦੇ ਕਣ ਕੱਢਦੇ ਹਨ। ਹੈਰਾਨੀ ਵਾਲੀ ਗੱਲ ਇਹ ਹੈ ਕਿ ਇਸ ਕੰਮ ਲਈ ਰਾਜਸਥਾਨ ਅਤੇ ਮੱਧ ਪ੍ਰਦੇਸ਼ ਤੋਂ ਵੀ ਲੋਕ ਇੱਥੇ ਆਉਂਦੇ ਹਨ। ਉਨ੍ਹਾਂ ਲਈ ਨਾਲੀਆਂ ਦਾ ਕੂੜਾ ਕਮਾਈ ਦਾ ਜ਼ਰੀਆ ਹੈ। ਇਨ੍ਹਾਂ ਨੂੰ ਪਤਾ ਹੈ ਕਿ ਇੱਥੇ ਦੀਆਂ ਨਾਲੀਆਂ ਦੀ ਮਿੱਟੀ ਮਾਮੂਲੀ ਨਹੀਂ ਹੈ। ਉਹ ਬਹੁਤ ਬਾਰੀਕੀ ਨਾਲ ਨਾਲੇ ਦੀ ਗਾਦ ਅਤੇ ਕੂੜੇ ਨੂੰ ਇਕੱਠਾ ਕਰਦੇ ਹਨ, ਫਿਰ ਕਈ ਰਸਾਇਣਾਂ ਅਤੇ ਰਵਾਇਤੀ ਤਰੀਕਿਆਂ ਨੂੰ ਉਸ ਨੂੰ ਧੋ ਕੇ ਉਸ 'ਚੋਂ ਸੋਨੇ ਦੇ ਚਮਕੀਲੇ ਕਣ ਵੱਖ ਕਰਦੇ ਹਨ। ਹਾਲਾਂਕਿ ਇਹ ਪੂਰੀ ਤਰ੍ਹਾਂ ਨਾਲ ਕਿਸਮਤ ਦਾ ਖੇਡ ਹੈ। ਕਦੇ ਹੱਥ 'ਚ ਸੋਨਾ ਲੱਗਦਾ ਹੈ ਤਾਂ ਕਦੇ ਸਿਰਫ਼ ਮਿੱਟੀ ਅਤੇ ਨਿਰਾਸ਼ਾ। ਇਸ ਦਾ ਇਕ ਦਿਲਚਸਪ ਪਹਿਲੂ ਇਹ ਵੀ ਹੈ ਕਿ ਇੱਥੇ ਘਰਾਂ 'ਚ ਸਾਲ ਭਰ ਦੀ ਝਾੜੂ ਤੋਂ ਨਿਕਲੀ ਧੂੜ ਅਤੇ ਬੁਰਾਦੇ ਨੂੰ ਕੂੜਾ ਸਮਝ ਕੇ ਸੁੱਟਿਆ ਨਹੀਂ ਜਾਂਦਾ ਸਗੋਂ ਔਰਤਾਂ ਉਸ ਨੂੰ ਸੰਭਾਲ ਕੇ ਇਕ ਕੋਨੇ 'ਚ ਰੱਖਦੀਆਂ ਹਨ। ਦੀਵਾਲੀ ਦੇ ਨੇੜੇ-ਤੇੜੇ ਜਦੋਂ ਸਫ਼ਾਈ ਹੁੰਦੀ ਹੈ ਤਾਂ ਇਸ ਕੂੜੇ ਦੀ ਬਕਾਇਦਾ ਬੋਲੀ ਲੱਗਦੀ ਹੈ। ਖਰੀਦਾਰ ਇਸ ਕੂੜੇ ਨੂੰ ਚੰਗੀ ਕੀਮਤ 'ਚ ਖਰੀਦ ਕੇ ਲਿਜਾਂਦੇ ਹਨ, ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਇਸ 'ਚ ਸੋਨੇ ਦੀ ਚਮਕ ਲੁੱਕੀ ਹੋ ਸਕਦੀ ਹੈ। ਦੁਕਾਨਦਾਰ ਜਾਂ ਘਰ ਦੀਆਂ ਔਰਤਾਂ ਹਰ ਕੋਈ ਸੋਨੇ ਦੇ ਇਕ-ਇਕ ਕਣ ਦੀ ਕੀਮਤ ਸਮਝਦਾ ਹੈ। ਕਟਿੰਗ ਦੌਰਾਨ ਉੱਡਣ ਵਾਲੀ ਧੂੜ ਵੀ ਇੱਥੇ ਸੋਨੇ ਦੇ ਭਾਅ ਵਿਕਦੀ ਹੈ। ਹਾਲਾਂਕਿ ਇਸ ਕੰਮ 'ਚ ਮਿਹਨਤ ਬਹੁਤ ਹੈ ਅਤੇ ਕਮਾਈ ਦੀ ਕੋਈ ਪੱਕੀ ਗਾਰੰਟੀ ਨਹੀਂ ਹੁੰਦੀ। ਕਈ ਵਾਰ ਦਿਨ ਭਰ ਚਿੱਕੜ ਛਾਨਣ ਤੋਂ ਬਾਅਦ ਵੀ ਹੱਥ ਖਾਲੀ ਰਹਿ ਜਾਂਦੇ ਹਨ। ਫਿਰ ਵੀ ਚਿੱਕੜ ਤੋਂ ਸੋਨਾ ਕੱਢਣ ਦੀ ਇਹ ਉਮੀਦ ਦਾ ਅਨੋਖਾ ਕਾਰੋਬਾਰ ਬਿਹਾਰ ਦੇ ਆਰਾ ਦੀਆਂ ਗਲੀਆਂ 'ਚ ਅੱਜ ਵੀ ਪੂਰੀ ਰਫ਼ਤਾਰ ਨਾਲ ਚੱਲ ਰਿਹਾ ਹੈ।

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ


ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਪਰ)

ਸਾਡਾ ਪਤਾ: Lambra near Jalandhar

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ

ਪੁਲਿਸ ਅਤੇ ਸਿਵਲ ਪ੍ਰਸ਼ਾਸਨ ਵੱਲੋਂ ਸਾਂਝੀ ਕਾਰਵਾਈ

ਪਿੰਡ ਨਸੀਬਪੁਰਾ ਵਿਖੇ ਨਸ਼ੇ ਦੇ ਸੇਵਨ ਲਈ ਵਰਤੀ ਜਾ ਰਹੀ ਇਮਾਰਤ ਢਾਹੀ





ਤਲਵੰਡੀ ਸਾਬੋ, 1 ਨਵੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਬਠਿੰਡਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਨਸ਼ੇ ਦੇ ਸੇਵਨ ਲਈ ਵਰਤੇ ਜਾਂਦੇ ਸਥਾਨਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਬਠਿੰਡਾ ਪੁਲਿਸ ਵੱਲੋਂ ਇਲਾਕੇ ਵਿੱਚ ਜਾਂਚ ਮੁਹਿੰਮ ਚਲਾਈ ਗਈ ਅਤੇ ਨਸ਼ੇ ਦੇ ਸੇਵਨ ਲਈ ਵਰਤੇ ਜਾਂਦੇ ਸਥਾਨਾਂ ਦੀ ਪਛਾਣ ਕਰਕੇ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐਸਪੀ ਤਲਵੰਡੀ ਸਾਬੋ ਸ੍ਰੀ ਜਸਜੋਤ ਸਿੰਘ ਨੇ ਦੱਸਿਆ ਕਿ ਪਿੰਡ ਨਸੀਬਪੁਰਾ ਦੇ ਵਿਚਕਾਰ ਸਥਿਤ ਇੱਕ ਇਮਾਰਤ ਨੂੰ ਕੁਝ ਵਿਅਕਤੀਆਂ ਵੱਲੋਂ ਨਸ਼ੇ ਦੇ ਸੇਵਨ ਲਈ ਵਰਤਿਆ ਜਾ ਰਿਹਾ ਸੀ। ਇਸ ਬਾਰੇ ਜਾਣਕਾਰੀ ਮਿਲਣ 'ਤੇ ਬਠਿੰਡਾ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਗਈ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਾਂਝੀ ਕਾਰਵਾਈ ਕੀਤੀ ਗਈ। ਇਸ ਕਾਰਵਾਈ ਦੌਰਾਨ ਉਕਤ ਇਮਾਰਤ ਨੂੰ ਢਾਹ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਨਸ਼ਾ ਸਮਾਜ ਲਈ ਗੰਭੀਰ ਚੁਣੌਤੀ ਹੈ ਅਤੇ ਇਸ ਦੇ ਖਾਤਮੇ ਲਈ ਪੁਲਿਸ ਵੱਲੋਂ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ। ਨਸ਼ਿਆਂ ਦੀ ਸਪਲਾਈ ਕਰਨ ਵਾਲਿਆਂ ਦੇ ਨਾਲ-ਨਾਲ ਨਸ਼ੇ ਦੇ ਸੇਵਨ ਲਈ ਥਾਵਾਂ ਮੁਹੱਈਆ ਕਰਵਾਉਣ ਵਾਲਿਆਂ ਵਿਰੁੱਧ ਵੀ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM
International Newspaper & WEB TV

ਅੰਤਿਮ ਸੰਸਕਾਰ

ਜਿਉ ਜਿਉ ਤੇਰਾ ਹੁਕਮੁ ਤਿਵੈ ਤਿਉ ਹੋਵਣਾ।
ਜਹ ਜਹ ਰਖਹਿ ਆਪਿ ਤਹ ਜਾਇ ਖੜੋਵਣਾ ॥



SARDAR HARBHAJAN SINGH BRAR

DATE
02-NOV-26

TIME
02:00 PM

VENUE
GURUDWARA SHAHDEEN SAHIB CREMATORIUM

ਆਵਾਜ਼ ਕੌਮ AWAZE QAUM
International Newspaper & WEB TV

ਯੂ. ਕੇ. 'ਚ ਮਹਾਰਾਜਾ ਦਲੀਪ ਸਿੰਘ ਦੀ 133ਵੀਂ ਬਰਸੀ ਸਮਾਗਮ ਮੌਕੇ

ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕੀਤੀ ਸ਼ਮੂਲੀਅਤ



ਨਵੀਂ ਦਿੱਲੀ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਯੂਕੇ ਦੇ ਸਿੱਖ ਨੌਜਵਾਨਾਂ ਅਤੇ ਸੰਗਤ ਵੱਲੋਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਫ਼ਰਜ਼ੰਦ ਮਹਾਰਾਜਾ ਦਲੀਪ ਸਿੰਘ ਦੀ 133ਵੀਂ ਬਰਸੀ ਮੌਕੇ ਉਨ੍ਹਾਂ ਦੀ ਯਾਦ ਵਿੱਚ ਥੈਟਫੋਰਡ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਸਿੰਘ ਸਾਹਿਬ ਪਹਿਲਾਂ ਸਿੱਖ ਸੰਗਤ ਨਾਲ ਥੈਟਫੋਰਡ ਸ਼ਹਿਰ 'ਚ ਸਥਿਤ ਮਹਾਰਾਜਾ ਦਲੀਪ ਸਿੰਘ ਦੀ ਉਸ ਯਾਦਗਾਰ ਵਿਖੇ ਗਏ ਜਿੱਥੇ ਉਨ੍ਹਾਂ ਦਾ ਬੁੱਤ ਸਥਾਪਤ ਹੈ ਅਤੇ ਨਾਲ ਹੀ ਉਹ ਕੁਝ ਦੂਰੀ 'ਤੇ ਸਥਿਤ ਉਸ 'ਪੁਰਾਤਨ ਘਰ - ਥੈਟਫੋਰਡ ਜੀਵਨ ਦਾ ਅਜਾਇਬ ਘਰ' ਵਿਖੇ ਵੀ ਗਏ ਜਿਸ ਨੂੰ ਮਹਾਰਾਜਾ ਦੇ ਪੁੱਤਰ ਪ੍ਰਿੰਸ ਫ੍ਰੈਡਰਿਕ ਦਲੀਪ ਸਿੰਘ ਨੇ ਸੰਨ 1921 ਵਿੱਚ ਥੈਟਫੋਰਡ ਸ਼ਹਿਰ ਨੂੰ ਅਜਾਇਬ ਘਰ ਵਜੋਂ ਵਰਤਣ ਲਈ ਦਿੱਤਾ ਸੀ। ਜ਼ਿਕਰਯੋਗ ਹੈ ਕਿ ਇਹ ਪੁਰਾਤਨ ਘਰ ਸਿੱਖ ਗੁਰੂ ਸਾਹਿਬਾਨ ਦੇ ਸਮਕਾਲੀ ਸਮੇਂ ਸੰਨ 1490 ਦਾ ਬਣਿਆ ਹੈ ਜਿਸ ਨੂੰ ਉਸ ਸਮੇਂ ਇੱਕ ਵਪਾਰੀ ਵੱਲੋਂ ਬਣਾਇਆ ਗਿਆ ਸੀ ਅਤੇ ਬਾਅਦ ਵੀ ਪ੍ਰਿੰਸ ਫ੍ਰੈਡਰਿਕ ਦਲੀਪ ਸਿੰਘ ਨੇ ਇਹ ਘਰ ਖ਼ਰੀਦਿਆ ਸੀ, ਜਿਸ ਦੀ ਅੱਜ ਵੀ ਹੂਬਹੂ ਪੁਰਾਤਨਤਾ ਕਾਇਮ ਹੈ ਜੋ ਕਿ ਸ਼ਲਾਘਾਯੋਗ ਹੈ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਥੈਟਫੋਰਡ ਪੁਰਾਤਨ ਘਰ ਅਜਾਇਬ ਘਰ ਵਿਖੇ ਮਹਾਰਾਜਾ ਦਲੀਪ ਸਿੰਘ ਤੋਂ ਇਲਾਵਾ ਉਨ੍ਹਾਂ ਦੇ ਪੰਜ ਪੁੱਤਰਾਂ ਅਤੇ ਤਿੰਨ ਧੀਆਂ ਨਾਲ ਸਬੰਧਤ ਨਿਸ਼ਾਨੀਆਂ ਵੀ ਦੇਖੀਆਂ, ਜਿਨ੍ਹਾਂ ਨੂੰ ਯੂਕੇ ਜੰਮਪਲ ਸਿੱਖ ਸ. ਭੁਪਿੰਦਰ ਸਿੰਘ ਬੈਂਸ (ਪੀਟਰ ਬੈਂਸ) ਨੇ ਮਹਾਰਾਜਾ ਨਾਲ ਜੁੜੇ ਰਹੇ ਵੱਖ-ਵੱਖ ਪਰਿਵਾਰਾਂ ਪਾਸੋਂ ਇਕੱਤਰ ਕਰਕੇ ਇਸ ਘਰ ਵਿੱਚ ਸੁਰੱਖਿਅਤ ਸੰਭਾਲਿਆ ਹੈ। ਇਸ ਤੋਂ ਬਾਅਦ ਸਿੰਘ ਸਾਹਿਬ ਥੈਟਫੋਰਡ ਨੇੜੇ ਹੀ ਐਲਵੇਡਨ ਵਿਖੇ ਸਥਿਤ ਉਸ ਅਸਥਾਨ ਉੱਤੇ ਗਏ ਜਿੱਥੇ ਮਹਾਰਾਜਾ ਦਲੀਪ ਸਿੰਘ, ਉਨ੍ਹਾਂ ਦੀ ਪਤਨੀ ਮਹਾਰਾਣੀ ਬੰਬਾ ਦਲੀਪ ਸਿੰਘ ਤੇ ਸਭ ਤੋਂ ਛੋਟਾ ਪੁੱਤਰ ਪ੍ਰਿੰਸ ਐਡਵਰਡ ਐਲਬਰਟ ਦਲੀਪ ਸਿੰਘ ਨੂੰ ਦਫ਼ਨਾਇਆ ਹੋਇਆ ਹੈ। ਇਸ ਮੌਕੇ ਸਿੱਖ ਨੌਜਵਾਨ ਕਵੀਸ਼ਰਾਂ ਦੇ ਜਥੇ (ਸ. ਤਰਨਦੀਪ ਸਿੰਘ, ਸ. ਸਿਮਰਦੀਪ ਸਿੰਘ ਅਤੇ ਸ. ਅਮਰਿੰਦਰ ਸਿੰਘ) ਵੱਲੋਂ ਮਹਾਰਾਜਾ ਦਲੀਪ ਸਿੰਘ ਦੇ ਇਤਿਹਾਸ ਨਾਲ ਸਬੰਧਤ ਕਵਿਤਾ ਗਾ ਕੇ ਉਨ੍ਹਾਂ ਨੂੰ ਯਾਦ ਕੀਤਾ ਗਿਆ ਅਤੇ ਕਾਫ਼ੀ ਗਿਣਤੀ ਵਿੱਚ ਸੰਗਤ ਪੁੱਜੀ। ਸਮਾਗਮ ਮੌਕੇ ਕੁਝ ਪ੍ਰਮੁੱਖ ਸਿੱਖ ਸ਼ਖ਼ਸ਼ੀਅਤਾਂ ਤੇ ਲੂਟਨ ਕੌਂਸਲ ਦੇ ਮੇਅਰ ਸ੍ਰੀ ਜਾਵੇਦ ਹੁਸੈਨ ਨੇ ਸੰਬੋਧਨ ਕਰਦਿਆਂ ਪੁੱਜੀਆਂ ਸ਼ਖ਼ਸੀਅਤਾਂ ਦਾ ਸੁਆਗਤ ਕੀਤਾ ਅਤੇ ਮਹਾਰਾਜਾ ਨੂੰ ਸਤਿਕਾਰ ਭੇਟ ਕੀਤਾ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਫ਼ਰਜ਼ੰਦ ਮਹਾਰਾਜ ਦਲੀਪ ਸਿੰਘ ਖ਼ਾਲਸਾ ਪੰਥ ਤੇ ਪੰਜਾਬ ਦਾ ਦਰਦ ਅਤੇ ਚੜ੍ਹਦੀ ਕਲਾ ਲੋਚਦੇ ਸੰਨ 1893 ਵਿੱਚ ਵਿਦੇਸ਼ੀ ਧਰਤੀ (ਪੈਰਿਸ, ਫਰਾਂਸ) ਉੱਤੇ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦਾ ਸਿੱਖੀ ਅਤੇ ਪੰਜਾਬ ਪ੍ਰਤੀ ਪਿਆਰ ਅਤੇ ਸਿੱਖੀ ਵਿੱਚ ਵਾਪਸ ਆਉਣਾ ਸਾਨੂੰ ਇਹ ਪ੍ਰੇਰਣਾ ਦਿੰਦਾ ਹੈ ਕਿ ਅਸੀਂ ਆਪਣੀਆਂ ਸਿੱਖੀ ਰਵਾਇਤਾਂ ਤੇ ਧਰਤ ਪੰਜਾਬ ਨਾਲ ਹਮੇਸ਼ਾ ਜੁੜੇ ਰਹਿਣਾ ਹੈ ਅਤੇ ਉਨ੍ਹਾਂ ਦੀ ਚੜ੍ਹਦੀ ਕਲਾ ਲਈ ਕਾਰਜ ਕਰਨਾ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮਹਾਰਾਣੀ ਜਿੰਦ ਕੌਰ ਨੇ ਧਰਮੀ ਮਾਂ ਦਾ ਫਰਜ਼ ਨਿਭਾਉਂਦਿਆਂ ਮਹਾਰਾਜਾ ਦਲੀਪ ਸਿੰਘ ਨੂੰ ਪ੍ਰੇਰਣਾ ਕਰਕੇ ਜਿੱਥੇ ਸਿੱਖੀ ਵਿੱਚ ਵਾਪਸ ਲਿਆਉਣ ਦਾ ਕਾਰਜ ਕੀਤਾ ਉੱਥੇ ਹੀ ਪੰਜਾਬ ਅੰਦਰ ਸਿੱਖ ਰਾਜ ਵਾਸਤੇ ਜੱਦੋ ਜਹਿਦ ਕਰਨ ਲਈ ਵੀ ਤਕੜਾ ਕੀਤਾ। ਮਹਾਰਾਣੀ ਜਿੰਦ ਕੌਰ ਤੋਂ ਪ੍ਰੇਰਣਾ ਲੈਣ ਦੀ ਲੋੜ ਹੈ ਜਿਨ੍ਹਾਂ ਨੇ ਔਖੇ



ਜਥੇਦਾਰ ਗੜਗੱਜ ਨੇ ਸਿੱਖਾਂ ਨੂੰ ਵਿਰਾਸਤ ਦੀ ਸੰਭਾਲ ਤੇ ਪੰਜਾਬ ਨਾਲ ਆਪਣੀਆਂ ਜੜ੍ਹਾਂ ਮਜ਼ਬੂਤ ਰੱਖਣ ਦਾ ਦਿੱਤਾ ਸੱਦਾ

ਆਵਾਜ਼ਿ ਕੌਮ AWAZE QAUM International Newspaper & WEB TV

ਹਾਲਾਤ ਵਿੱਚ ਵੀ ਆਪਣੇ ਪੁੱਤਰ ਨੂੰ ਵਾਪਸ ਸਿੱਖੀ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਦਰਦ ਦੀ ਚੀਸ ਹਰ ਪੰਜਾਬੀ ਦੇ ਦਿਲ ਵਿੱਚ ਹਮੇਸ਼ਾ ਰਹੇਗੀ। ਸਾਨੂੰ ਹਮੇਸ਼ਾ ਮਹਾਰਾਜਾ ਰਣਜੀਤ ਸਿੰਘ ਤੇ ਮਹਾਰਾਜਾ ਦਲੀਪ ਸਿੰਘ ਨੂੰ ਚੜ੍ਹਦੀ ਕਲਾ ਅਤੇ ਵੱਡੇ ਪੱਧਰ ਉੱਤੇ ਯਾਦ ਕਰਨਾ ਚਾਹੀਦਾ ਹੈ। ਕੁਝ ਸਿੱਖ ਵਿਰੋਧੀ ਤੇ ਸ਼ਰਾਰਤੀ ਲਿਖਾਰੀਆਂ ਨੇ ਆਪਣੀਆਂ ਲਿਖਤਾਂ ਨਾਲ ਮਹਾਰਾਜਾ ਰਣਜੀਤ ਸਿੰਘ ਦੇ ਅਕਸ ਤੇ ਸਤਿਕਾਰ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਕੀਤੀ ਹੈ ਅਤੇ ਅੱਜ ਵੀ ਕੀਤੀ ਜਾ ਰਹੀ ਹੈ, ਪਰ ਉਹ ਸਫ਼ਲ ਨਹੀਂ ਹੋ ਪਾਉਣਗੇ ਕਿਉਂਕਿ ਮਹਾਰਾਜਾ ਦਾ ਰਾਜ ਭਾਗ ਗੁਰਮਤਿ ਅਨੁਸਾਰੀ, ਬਹੁਤ ਹੀ ਨਿਆਂਪੂਰਨ, ਸਾਰਿਆਂ ਲਈ ਬਰਾਬਰੀ ਅਤੇ ਆਦਰਸ਼ ਵਾਲਾ ਸੀ। ਉਨ੍ਹਾਂ ਪੰਥਕ ਲਿਖਾਰੀਆਂ ਤੇ ਵਿਦਵਾਨਾਂ ਨੂੰ ਸੁਨੇਹਾ ਦਿੱਤਾ ਕਿ ਮਹਾਰਾਜਾ ਰਣਜੀਤ ਸਿੰਘ ਅਤੇ ਮਹਾਰਾਜਾ ਦਲੀਪ ਸਿੰਘ ਦੇ ਇਤਿਹਾਸ ਨਾਲ ਸਬੰਧਤ ਸੱਚੇ ਤੇ ਸਿੱਖੀ ਸੋਚ ਵਾਲੇ ਬਿਰਤਾਂਤ ਨੂੰ ਵਿਸ਼ਵ ਪੱਧਰ ਉੱਤੇ ਤਕੜਾ ਕਰਨ ਅਤੇ ਉਭਾਰਨ ਲਈ ਵਿਸ਼ੇਸ਼ ਉਪਰਾਲੇ ਤੇ ਕਾਰਜ ਕੀਤੇ ਜਾਣ। ਉਨ੍ਹਾਂ ਕਿਹਾ ਕਿ ਮਹਾਰਾਜਾ ਦਲੀਪ ਸਿੰਘ ਵਾਪਸ ਸਿੱਖੀ ਵਿੱਚ ਆਏ ਕਿਉਂਕਿ ਉਨ੍ਹਾਂ ਦੇ ਅੰਦਰ ਸਿੱਖੀ ਭਾਵਨਾ ਸੀ, ਇਸ ਤੋਂ ਸਾਨੂੰ ਪ੍ਰੇਰਣਾ ਲੈਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਮੈਨੂੰ ਪੂਰੀ ਆਸ ਹੈ ਕਿ ਸਾਡੇ ਨੌਜਵਾਨ ਵੀ ਜ਼ਰੂਰ ਸਿੱਖੀ ਵਿੱਚ ਵਾਪਸ ਆਉਣਗੇ। ਉਨ੍ਹਾਂ ਕਿਹਾ ਕਿ ਸਿੱਖਾਂ ਵਿਰੁੱਧ ਚਲਾਏ ਜਾਂਦੇ ਨਫ਼ਰਤੀ ਬਿਰਤਾਂਤਾਂ ਨੂੰ ਸਮਝਣਾ ਹੈ ਅਤੇ ਇਨ੍ਹਾਂ ਦਾ ਕਰੜਾ ਜਵਾਬ ਦੇਣਾ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖ ਛੋਟੀਆਂ-ਛੋਟੀਆਂ ਗੱਲਾਂ ਦੇ ਕਾਰਨ ਆਪਸ ਵਿੱਚ ਝਗੜਦੇ ਹਨ ਜਦਕਿ ਅਸੀਂ ਵੱਡੇ ਕੌਮੀ ਮਸਲੇ ਵਿਸਾਰ ਦਿੰਦੇ ਹਾਂ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਆਪਸੀ ਲੜਾਈਆਂ ਤੇ ਮਤਭੇਦ ਛੱਡ ਕੇ ਪੰਥ ਦੇ ਵੱਡੇ ਹਿਤਾਂ ਅਤੇ ਗੁਰੂ ਸਾਹਿਬਾਨ ਦੇ ਸੰਕਲਪ ਲਈ ਇਕਜੁੱਟਤਾ ਨਾਲ ਕਾਰਜ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖਾਂ ਨੂੰ ਆਪਣੀ ਵਿਰਾਸਤ ਨੂੰ ਸੰਭਾਲਣ ਦੀ ਲੋੜ ਹੈ ਅਤੇ ਥੈਟਫੋਰਡ ਵਿਖੇ ਸਥਿਤ ਮਹਾਰਾਜਾ ਦਲੀਪ ਸਿੰਘ ਦੇ ਬੁੱਤ ਅਤੇ ਉਸ ਦੇ ਆਲੇ ਦੁਆਲੇ ਦੀ ਕੁਝ ਹੋਰ ਸਾਂਭ-ਸੰਭਾਲ ਤੇ ਬਿਹਤਰੀ ਦੀ ਲੋੜ ਹੈ ਜਿਸ ਲਈ ਯੂਕੇ ਦੀਆਂ ਸਿੱਖ ਸੰਸਥਾਵਾਂ ਅੱਗੇ ਆ ਕੇ ਸਾਂਝਾ ਉਪਰਾਲਾ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਨਵਯੁਗਤ ਕੁਲਦੀਪ ਸਿੰਘ ਰਈਆ ਮਾਰਕੀਟ ਕਮੇਟੀ ਦੇ ਚੇਅਰਮੈਨ ਲੱਗਣ ਤੇ ਵਧਾਈਆਂ ਦਿੱਤੀਆਂ



ਚੌਕ ਮਹਿਤਾ 31 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਨਵਯੁਗਤ ਕੁਲਦੀਪ ਸਿੰਘ ਮੱਥਰੇਵਾਲ ਮਾਰਕੀਟ ਕਮੇਟੀ ਰਈਆ ਦੇ ਚੇਅਰਮੈਨ ਲੱਗਣ ਤੇ ਮੁਬਾਰਕਾਂ ਦਿੱਤੀਆ। ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਚੇਅਰਮੈਨ ਕੁਲਦੀਪ ਸਿੰਘ ਮੱਥਰੇਵਾਲ ਦਾ ਮੂੰਹ ਮਿੱਠਾ ਕਰਵਾਇਆ ਅਤੇ ਸਿਰਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਨਾਨਕ ਪ੍ਰਕਾਸ਼ ਸੈਦੋਲੇਹਲ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਦਾ ਪ੍ਰਕਾਸ਼ ਪੁਰਬ ਮਨਾਇਆ



ਚੌਕ ਮਹਿਤਾ, 1 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰਦੁਆਰਾ ਨਾਨਕ ਪ੍ਰਕਾਸ਼ ਸੈਦੋਲੇਹਲ ਦੇ ਮੌਜੂਦਾ ਮੁਖੀ ਸੰਤ ਬਾਬਾ ਸ਼ਮਸ਼ੇਰ ਸਿੰਘ ਦੀ ਅਗਵਾਈ ਹੇਠ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਸਲਾਨਾ ਪ੍ਰਕਾਸ਼ ਪੁਰਬ ਦਿਹਾੜਾ ਮਨਾਇਆ ਗਿਆ। ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ ਉਪਰੰਤ ਕੀਰਤਨੀਏ, ਕਥਾਵਾਚਕ, ਕਵੀਸ਼ਰੀ ਜਥੇ, ਪ੍ਰਚਾਰਕ, ਢਾਡੀ ਜਥਿਆਂ ਨੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਇਤਿਹਾਸ ਸੰਗਤਾਂ ਨੂੰ ਸ਼ਰਵਨ ਕਰਵਾਇਆ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਬੋਪਾਰਾਏ, ਸੰਤ ਬਾਬਾ ਗੁਰਦੀਪ ਸਿੰਘ ਸੰਪਰਦਾਇ ਹਰਖੋਵਾਲ ਖੁਜਾਲਾ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਗੁਰਦੁਆਰਾ ਨਾਗੀਆਨਾ ਸਾਹਿਬ ਉਦੋਕੇ, ਸੰਤ ਬਾਬਾ ਜਸਵੰਤ ਸਿੰਘ ਬੋਹੜੀ ਢਪੱਈਆਂਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਸ਼੍ਰੋਮਣੀ ਆਕਾਲੀ ਦਲ ਦੇ ਜੰਡਿਆਲਾ ਗੁਰੂ ਦੇ ਹਲਕਾ ਇੰਚਾਰਜ ਸੰਦੀਪ ਸਿੰਘ ਏਆਰ, ਚੇਅਰਮੈਨ ਮਨਜੀਤ ਸਿੰਘ ਤਰਸਿੱਕਾ, ਪ੍ਰਧਾਨ ਬਲਦੇਵ ਸਿੰਘ ਸੈਦੋਲੇਹਲ, ਜਸਵੰਤ ਸਿੰਘ ਖੁਜਾਲਾ, ਦਲਬੀਰ ਸਿੰਘ ਪ੍ਰਿੰਸ ,ਜੋਧਵੀਰ ਸਿੰਘ ,ਹਰਜੀਤ ਸਿੰਘ ਗੋਲੂ ਤਰਸਿੱਕਾ, ਸਰਨੈਲ ਸਿੰਘ ਸਾਬਕਾ ਸਰਪੰਚ, ਸਰਬਜੀਤ ਸਿੰਘ ਮੈਂਬਰ, ਪ੍ਰਗਟ ਸਿੰਘ ਮੈਂਬਰ,ਦਿਆਲ ਸਿੰਘ ਮੈਂਬਰ, ਦਿਲਬਾਗ ਸਿੰਘ ਮੈਂਬਰ, ਪ੍ਰੇਮ ਸਿੰਘ ਸਰਪੰਚ, ਹਰਭਿੰਦਰ ਸਿੰਘ, ਭਗਵਾਨ ਸਿੰਘ ਖੁਜਾਲਾ ਅਤੇ ਸਮੂਹ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਪੰਚ ਕਰਮਜੀਤ ਸਿੰਘ ਬਰੜਵਾਲ ਦੀ ਅਗਵਾਈ ਦੇ ਹੋਈ ਐਸੀ ਵਿੰਗ ਦੀ ਮੀਟਿੰਗ



ਧੂਰੀ (ਰਣਜੀਤ ਸਿੰਘ ਪੇਧਨੀ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਬਰੜਵਾਲ ਤੋਂ ਆਮ ਆਦਮੀ ਪਾਰਟੀ ਐਸੀ ਵਿੰਗ ਦੇ ਹਲਕਾ ਕੋਆਰਡੀਨੇਟਰ ਸਰਪੰਚ ਕਰਮਜੀਤ ਸਿੰਘ ਬਰੜਵਾਲ ਦੀ ਅਗਵਾਈ ਦੇ ਹੇਠ ਮੁੱਖ ਮੰਤਰੀ ਦਫਤਰ ਵਿਖੇ ਇੱਕ ਮੀਟਿੰਗ ਦਾ ਯੋਜਨ ਕੀਤਾ ਗਿਆ ਜਿਸ ਵਿੱਚ ਐਸੀ ਕਮਿਸ਼ਨ ਦੇ ਮੈਂਬਰ ਗੁਲਜਾਰ ਸਿੰਘ ਬੋਬੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਐਸੀ ਕਮਿਸ਼ਨ ਦੇ ਮੈਂਬਰ ਗੁਲਜਾਰ ਸਿੰਘ ਬੋਬੀ ਸਰਪੰਚ ਕਰਮਜੀਤ ਸਿੰਘ ਬਰੜਵਾਲ, ਜਿਲਾ ਪ੍ਰਧਾਨ ਲਾਭ ਸਿੰਘ ਅਤੇ ਨੇ ਕਿਹਾ ਹੈ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਵਿੱਚ ਐਸੀ ਸਮਾਜ ਪੂਰੀ ਤਰਹਾਂ ਆਮ ਆਦਮੀ ਪਾਰਟੀ ਦੇ ਨਾਲ ਚਟਾਨ ਵਾਂਗ ਖੜਾ ਹੈ ਉਹਨਾਂ ਕਿਹਾ ਕਿ ਜੇਕਰ ਕੋਈ ਐਸੀ ਸਮਾਜ ਨੂੰ ਆਉਣ ਵਾਲੇ ਸਮੇਂ ਦੇ ਵਿੱਚ ਕੋਈ ਵੀ ਕਿਸੇ ਵੀ ਪ੍ਰਕਾਰ ਦੀ ਮੁਸ਼ਕਿਲ ਆਈ ਤਾਂ ਉਹ ਉਸ ਪਰਿਵਾਰ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਨਗੇ । ਇਸ ਮੌਕੇ ਜਿਲ੍ਹਾ ਜਰਨਲ ਸਕੱਤਰ ਬਖਸੀਸ ਸਿੰਘ ਅਲਾਲ, ਸਰਪੰਚ ਜਸਵੀਰ ਸਿੰਘ ਮਾਨਾ, ਜਸਵੀਰ ਸਿੰਘ ਜੱਜ ਐਮਸੀ, ਸਰਪੰਚ ਰਾਜ ਸਿੰਘ ਮਾਨਵਾਲਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਨਵੰਬਰ 1984 ‘ਦੰਗੇ’ ਨਹੀਂ, ਸਰਕਾਰ ਦੁਆਰਾ ਕਰਵਾਈ ਗਈ

ਸਿੱਖਾਂ ਦੀ ਨਸਲਕੁਸ਼ੀ ਸੀ: ਕਰਨੈਲ ਸਿੰਘ ਪੀਰਮੁਹੰਮਦ

☛ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਸਰਦਾਰ ਜੁਗਰਾਜ ਸਿੰਘ ਮਝੈਲ ਦੀ ਅਗਵਾਈ ਹੇਠ ਤਿੰਨ ਰੋਜ਼ਾ ਗੁਰਮਤਿ ਕੈਂਪ ਦੇ ਆਖਰੀ ਦਿਨ ਨਸਲਕੁਸ਼ੀ ਦੇ ਭਿਆਨਕ ਸੱਚ ਅਤੇ ਕਾਨੂੰਨੀ ਸੰਘਰਸ਼ ਦੀ ਵਾਰਤਾ ਕੀਤੀ ਸਾਂਝੀ ☛ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੂੰ ਸਵਾਲ - ਕਮਲਨਾਥ ਤੇ ਜਗਦੀਸ਼ ਟਾਈਟਲਰ ਵਰਗੇ ਕਾਤਲ ਅੱਜ ਵੀ ਆਜ਼ਾਦ ਕਿਉਂ ?







ਸ੍ਰੀ ਅਨੰਦਪੁਰ ਸਾਹਿਬ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅੱਜ 1 ਨਵੰਬਰ ਨੂੰ ਪਵਿੱਤਰ ਧਰਤੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਯੂਨਾਈਟਿਡ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ ਆਯੋਜਿਤ ਤਿੰਨ ਰੋਜ਼ਾ ਗੁਰਮਤਿ ਕੈਂਪ ਦੇ ਆਖਰੀ ਦਿਨ ਸ਼ਿਰਕਤ ਕੀਤੀ। ਕੈਂਪ ਦੇ ਸਮਾਪਨ ਸਮਾਰੋਹ ਦੌਰਾਨ ਨੌਜਵਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਰਦਾਰ ਪੀਰਮੁਹੰਮਦ ਨੇ ਨਵੰਬਰ 1984 ਦੀ ਸਿੱਖ ਨਸਲਕੁਸ਼ੀ ਦੀ ਦਰਦਨਾਕ ਵਾਰਤਾ, ਹਕੂਮਤੀ ਵਹਿਸ਼ੀਪੁਣੇ ਅਤੇ ਲੰਮੇ ਇਨਸਾਫ਼ ਸੰਘਰਸ਼ ਦੇ ਤੱਥਾਂ ਨੂੰ ਵਿਸਥਾਰਪੂਰਵਕ ਸਾਂਝਾ ਕੀਤਾ।



18 ਰਾਜਾਂ ਤੇ 110 ਤੋਂ ਵੱਧ ਸ਼ਹਿਰਾਂ ਵਿੱਚ ਹੋਈ ਸੀ ਯੋਜਨਾਬੱਧ ਨਸਲਕੁਸ਼ੀ-ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ 1 ਨਵੰਬਰ 1984 ਤੋਂ 10 ਨਵੰਬਰ 1984 ਤੱਕ ਜੋ ਕੁਝ ਵਾਪਰਿਆ, ਉਹ ਕੋਈ ਆਪਸੀ ਫਿਰਕੂ ਦੰਗੇ ਨਹੀਂ ਸਨ। ਇਹ ਉਸ ਵੇਲੇ ਦੀ ਹਕੂਮਤ ਵੱਲੋਂ ਇੱਕ ਯੋਜਨਾਬੱਧ ਢੰਗ ਨਾਲ ਸਿੱਖ ਕੌਮ ਨੂੰ ਖਤਮ ਕਰਨ ਲਈ ਕਰਵਾਈ ਗਈ ਨਸਲਕੁਸ਼ੀ ਸੀ। ਉਨ੍ਹਾਂ ਦੱਸਿਆ ਕਿ ਦਿੱਲੀ, ਕਾਨਪੁਰ, ਬੋਕਾਰੋ, ਰਿਆਸੀ, ਹੌਂਦ ਚਿਲੜ (ਹਰਿਆਣਾ), ਜਲਗਾਓਂ ਸਮੇਤ ਦੇਸ਼ ਦੇ 18 ਰਾਜਾਂ ਅਤੇ 110 ਤੋਂ ਵੱਧ ਵੱਡੇ ਸ਼ਹਿਰਾਂ ਵਿੱਚ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਗਿਆ। ਇਤਿਹਾਸਕ ਗੁਰਦੁਆਰਾ ਸਾਹਿਬਾਨਾਂ ਨੂੰ ਜਲਾਇਆ ਗਿਆ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਕੀਤੀ ਗਈ ਅਤੇ ਦੇਸ਼ ਦੀ ਰਾਖੀ ਕਰਨ ਵਾਲੇ ਭਾਰਤੀ ਫੌਜ ਦੇ ਸਿੱਖ ਜਵਾਨਾਂ ਨੂੰ ਨੰਗਲੋਈ ਸਮੇਤ ਵੱਖ-ਵੱਖ ਰੇਲਵੇ ਸਟੇਸ਼ਨਾਂ ’ਤੇ ਗੱਡੀਆਂ ਵਿੱਚੋਂ ਧੂਹ ਕੇ ਕੋਹ-ਕੋਹ ਕੇ ਸ਼ਹੀਦ ਕੀਤਾ ਗਿਆ।

5 ਨਵੰਬਰ 2007: ’ਦੰਗਿਆਂ’ ਦੀ ਥਾਂ ’ਨਸਲਕੁਸ਼ੀ’ ਸਿੱਧ ਕਰਨ ਦਾ ਮੋਰਚਾ-ਉਨ੍ਹਾਂ ਦੱਸਿਆ ਕਿ 5 ਨਵੰਬਰ 2007 ਨੂੰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਮਨੁੱਖੀ ਅਧਿਕਾਰ ਸੰਸਥਾਵਾਂ ਨਾਲ ਮਿਲ ਕੇ ਰੋਜ਼ਾਨਾ ਦੇ ਆਧਾਰ ’ਤੇ ਜਾਂਚ ਸ਼ੁਰੂ ਕੀਤੀ ਅਤੇ ਦੁਨੀਆਂ ਸਾਹਮਣੇ ਤੱਥਾਂ ਨਾਲ ਸਿੱਧ ਕੀਤਾ ਕਿ ਇਹ ਦੰਗੇ ਨਹੀਂ ਸਗੋਂ ਸਿੱਖਾਂ ਦੀ ਨਸਲਕੁਸ਼ੀ ਸੀ।

ਇਸ ਲੰਮੀ ਲੜਾਈ ਵਿੱਚ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਅਤੇ ਸਰਦਾਰ ਦਵਿੰਦਰ ਸਿੰਘ ਸੋਢੀ (ਸਾਬਕਾ ਸਕੱਤਰ ਜਨਰਲ AISSF) ਨੇ ਲਗਾਤਾਰ ਪੀੜਤਾਂ ਨੂੰ ਲੱਭ ਕੇ ਅਦਾਲਤਾਂ ਤੱਕ ਪਹੁੰਚਾਉਣ ਦਾ ਅਹਿਮ ਕਾਰਜ ਕੀਤਾ।

ਮੁੱਖ ਗਵਾਹ ਅਤੇ ਸੰਘਰਸ਼ੀ ਪਾਤਰ-ਸਮਾਗਮ ਦੌਰਾਨ ਉਨ੍ਹਾਂ ਅਦਾਲਤਾਂ ਵਿੱਚ ਡਟਣ ਵਾਲੇ ਗਵਾਹਾਂ ਦਾ ਜ਼ਿਕਰ ਕੀਤਾ, ਜਿਨ੍ਹਾਂ ਵਿੱਚ:

ਬੀਬੀ ਜਗਦੀਸ਼ ਕੌਰ (ਸੱਜਣ ਕੁਮਾਰ ਕੇਸ ਦੀ ਮੁੱਖ ਗਵਾਹ) ਅਤੇ ਉਨ੍ਹਾਂ ਦੇ ਬੇਟੇ ਗੁਰਦੀਪ ਸਿੰਘ ਕੋਲਡੀ

ਸਰਦਾਰ ਜੰਗਸ਼ੇਰ ਸਿੰਘ (ਜਿਨ੍ਹਾਂ ਦੇ 3 ਭਰਾ ਸ਼ਹੀਦ ਹੋਏ)

ਬੀਬੀ ਨਿਰਪ੍ਰੀਤ ਕੌਰ (ਜਿਨ੍ਹਾਂ ਦੇ ਪਿਤਾ ਨਿਰਮਲ ਸਿੰਘ ਸ਼ਹੀਦ ਹੋਏ)

ਸਰਦਾਰ ਹਰਿੰਦਰ ਸਿੰਘ ਕੋਹਲੀ ਅਤੇ ਹਰਵਿੰਦਰ ਪਾਲ ਸਿੰਘ ਕੋਹਲੀ ਦਾ ਪਰਿਵਾਰ

ਸਰਦਾਰ ਮਨਜੀਤ ਸਿੰਘ ਬਿਲੋਂਗੀ (ਮੁੱਖ ਗਵਾਹ ਸਵ: ਤੇਜਿੰਦਰ ਸਿੰਘ ਤੇ ਗੁਰਚਰਨ ਸਿੰਘ ਦੇ ਭਰਾ)

ਬਾਬੂ ਸਿੰਘ ਦੁਖੀਆ (ਜਿਨ੍ਹਾਂ ਦੇ ਪਰਿਵਾਰ ਦੇ 17 ਜੀਅ ਸ਼ਹੀਦ ਹੋਏ)

* ਬੀਬੀ ਗੰਗਾ ਕੌਰ, ਨਿਰਮਲ ਕੌਰ, ਪੱਪੀ ਕੌਰ

ਮੱਕੜ ਪਰਿਵਾਰ (ਹੌਂਦ ਚਿਲੜ), ਸਰਜੀਤ ਸਿੰਘ ਦੁੱਗਰੀ, ਬੀਬੀ ਗੁਰਦੀਪ ਕੌਰ (ਲੁਧਿਆਣਾ)

ਕਾਨਪੁਰ, ਬੋਕਾਰੋ ਅਤੇ ਰਿਆਸੀ ਦੇ 17 ਪੀੜਤ ਪਰਿਵਾਰ

ਉਨ੍ਹਾਂ ਦੱਸਿਆ ਕਿ ਦਿੱਲੀ ਦੀ ਤਿਲਕ ਨਗਰ ਵਿਧਵਾ ਕਲੋਨੀ ਤੋਂ ਲੈ ਕੇ ਦੇਸ਼ ਦੇ ਕੋਨੇ-ਕੋਨੇ ਤੱਕ ਪੀੜਤਾਂ ਨੂੰ ਇਕੱਠਾ ਕਰਨ ਵਿੱਚ ਸਰਦਾਰ ਮਨਵਿੰਦਰ ਸਿੰਘ, ਸਰਦਾਰ ਦਰਸ਼ਨ ਸਿੰਘ ਘੋਲੀਆਂ, ਸਰਦਾਰ ਗੁਰਚਰਨ ਸਿੰਘ ਬੱਬਰ, ਸਰਦਾਰ ਜਸਬੀਰ ਸਿੰਘ ਅਤੇ ਸਰਦਾਰ ਜਗਦੀਸ਼ ਸਿੰਘ ਸਮੇਤ ਅਨੇਕਾਂ ਸ਼ਖਸੀਅਤਾਂ ਨੇ ਦਿਨ-ਰਾਤ ਇੱਕ ਕੀਤਾ।

ਕਾਨੂੰਨੀ ਮੋਰਚੇ ਦੇ ਜੋਧੇ

ਅਦਾਲਤਾਂ ਵਿੱਚ ਲੜਾਈ ਲੜਨ ਵਾਲੇ ਇਨਸਾਫ਼ ਪਸੰਦ ਵਕੀਲਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਐਡਵੋਕੇਟ ਆਰ. ਐੱਸ. ਚੀਮਾ, ਐਡਵੋਕੇਟ ਐੱਚ. ਐੱਸ. ਫੂਲਕਾ, ਐਡਵੋਕੇਟ ਨਵਕਿਰਨ ਸਿੰਘ, ਐਡਵੋਕੇਟ ਤਜਿੰਦਰ ਸਿੰਘ ਸੂਦਨ, ਐਡਵੋਕੇਟ ਕਾਮਨਾ ਵੋਹਰਾ, ਐਡਵੋਕੇਟ ਵਰਿੰਦਾ ਗਰੋਵਰ, ਐਡਵੋਕੇਟ ਗੁਰਪਤਵੰਤ ਸਿੰਘ, ਐਡਵੋਕੇਟ ਗੁਰਬਖਸ਼ ਸਿੰਘ, ਐਡਵੋਕੇਟ ਅਭਿਸ਼ੇਕ ਅਤੇ ਐਡਵੋਕੇਟ ਤਨੂ ਚੀਮਾ ਦੀ ਵੱਡੀ ਫੌਜ ਦੇ ਯੋਗਦਾਨ ਦੀ ਸ਼ਲਾਘਾ ਕੀਤੀ।

ਕੇਂਦਰ ਸਰਕਾਰ ’ਤੇ ਤਿੱਖੇ ਸਵਾਲ-ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੋਂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਅੱਗੇ ਸਿੱਧਾ ਸਵਾਲ ਖੜ੍ਹਾ ਕੀਤਾ:40 ਸਾਲਾਂ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਸਿੱਖਾਂ ਦੇ ਮੁੱਖ ਕਾਤਲ ਕਮਲਨਾਥ, ਜਗਦੀਸ਼ ਟਾਈਟਲਰ ਅਤੇ ਹੋਰ ਦੋਸ਼ੀ ਕਾਨੂੰਨ ਦੀ ਗ੍ਰਿਫ਼ਤ ਤੋਂ ਬਾਹਰ ਕਿਉਂ ਹਨ ? ਮੌਜੂਦਾ ਸਰਕਾਰ ਇਨ੍ਹਾਂ ਕਾਤਲਾਂ ਨੂੰ ਫੜਨ ਅਤੇ ਸਲਾਖਾਂ ਪਿੱਛੇ ਧੱਕਣ ਲਈ ਬੇਵੱਸ ਕਿਉਂ ਦਿਖਾਈ ਦੇ ਰਹੀ ਹੈ ?÷

ਉਨ੍ਹਾਂ ਮੰਗ ਕੀਤੀ ਕਿ ਬਾਕੀ ਰਹਿੰਦੇ ਸਾਰੇ ਗੁਨਾਹਗਾਰਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਫਾਂਸੀ ਦੀ ਸਜ਼ਾ ਦਿੱਤੀ ਜਾਵੇ। ਗੁਰਮਤਿ ਕੈਂਪ ਦੇ ਆਖਰੀ ਦਿਨ ਵਿਦਿਆਰਥੀਆਂ ਨੂੰ ਆਪਣੀ ਇਤਿਹਾਸਕ ਵਿਰਾਸਤ ਅਤੇ ਇਨਸਾਫ਼ ਦੀ ਲੜਾਈ ਨਾਲ ਜੁੜੇ ਰਹਿਣ ਦਾ ਸੁਨੇਹਾ ਦਿੱਤਾ ਗਿਆ।

ਮੁੱਖ ਮੰਤਰੀ ਨੂੰ ਧੂਰੀ ਤੋਂ ਦੁਬਾਰਾ ਟਿਕਟ ਮਿਲਣ ’ਤੇ ਖੇੜੀ ਜੱਟਾਂ ਵਿਖੇ ਵੰਡੇ ਲੱਡੂ



ਧੂਰੀ (ਰਣਜੀਤ ਸਿੰਘ ਪੇਧਨੀ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਖੇੜੀ ਜੱਟਾਂ ਦੇ ਸਰਪੰਚ ਹਰਪ੍ਰੀਤ ਸਿੰਘ ਦੀ ਅਗਵਾਈ ਦੇ ਹੇਠ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦੂਸਰੀ ਵਾਰ ਧੂਰੀ ਤੋਂ ਉਮੀਦਵਾਰ ਬਣਾਏ ਜਾਣ ਤੇ ਖ਼ੁਸ਼ੀ ਵਿੱਚ ਪਿੰਡ ਖੇੜੀ ਜੱਟਾਂ ਵਿਖੇ ਲੱਡੂ ਵੰਡੇ ਗਏ ਇਸ ਮੌਕੇ ਜ਼ਿਲਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਨੇ ਆਮ ਆਦਮੀ ਪਾਰਟੀ ਦੇ 40 ਉਮੀਦਵਾਰਾਂ ਦੀ ਸੂਚੀ ਜਾਰੀ ਕੀਤੀ ਹੈ ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਧੂਰੀ ਤੋਂ ਦੁਬਾਰਾ ਉਮੀਦਵਾਰ ਬਣਾਇਆ ਗਿਆ ਜਿਸ ਦੇ ਨਾਲ ਹਲਕੇ ਦੇ ਵਿੱਚ ਬਹੁਤੀ ਖੁਸ਼ੀ ਦੀ ਲਹਿਰ ਹੈ ਹਰ ਥਾਂ ਤੇ ਲੱਡੂ ਵੰਡੇ ਜਾ ਰਹੇ ਹਨ । ਇਸ ਮੌਕੇ ਸਰਪੰਚ ਜਸਵੀਰ ਦਾਸ ਢਢੋਗਲ ਹਾਜਰ ਸਨ।

ਫੀਲਡ ਪੱਤਰਕਾਰ ਐਸੋਸੀਏਸ਼ਨ ਦੀ ਮਹਿਤਾ ਇਕਾਈ ਨੂੰ ਮਿਲੀ ਮਜ਼ਬੂਤੀ, ਪੱਤਰਕਾਰ ਤਰਸੇਮ ਸਾਧਪੁਰ ਤੇ ਭਗਵਾਨ ਸਿੰਘ ਹੋਏ ਸ਼ਾਮਲ



ਚੌਕ ਮਹਿਤਾ, 1 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਫੀਲਡ ਪੱਤਰਕਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਸ਼ਿਲੰਦਰਜੀਤ ਸਿੰਘ ਰਾਜਨ ਦੀ ਅਗਵਾਈ ਹੇਠ ਐਸੋਸੀਏਸ਼ਨ ਦੀ ਸਰਕਲ ਮਹਿਤਾ ਇਕਾਈ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਅੱਡਾ ਖੁਜਾਲਾ ਤੋਂ ਸੀਨੀਅਰ ਪੱਤਰਕਾਰ ਤਰਸੇਮ ਸਿੰਘ ਸਾਧਪੁਰ ਅਤੇ ਪੱਤਰਕਾਰ ਭਗਵਾਨ ਸਿੰਘ ਨੇ ਫੀਲਡ ਪੱਤਰਕਾਰ ਐਸੋਸੀਏਸ਼ਨ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਦੀ ਇਕਾਈ ਸਰਕਲ ਮਹਿਤਾ ਦੇ ਪ੍ਰਧਾਨ ਕੈਪਟਨ ਸਿੰਘ, ਚੇਅਰਮੈਨ ਧਰਮਿੰਦਰ ਸਿੰਘ ਭੰਮਰਾ, ਸਰਪ੍ਰਸਤ ਬਾਬਾ ਸੁਖਵੰਤ ਸਿੰਘ ਚੰਨਣਕੇ, ਵਰਿੰਦਰ ਬਾਊ ਤੇ ਰਾਜਦੀਪ ਸਿੰਘ ਰਾਜੂ ਨੇ ਵਿਸ਼ੇਸ਼ ਤੌਰ ’ਤੇ ਪਹੁੰਚ ਕੇ ਪੱਤਰਕਾਰ ਤਰਸੇਮ ਸਿੰਘ ਸਾਧਪੁਰ ਅਤੇ ਪੱਤਰਕਾਰ ਭਗਵਾਨ ਸਿੰਘ ਨੂੰ ਸਿਰੋਪਾਓ ਦਿੱਤਾ। ਉਨਾਂ ਨੇ ਦੋਵਾਂ ਪੱਤਰਕਾਰ ਸਾਹਿਬਾਨਾਂ ਦਾ ਐਸੋਸੀਏਸ਼ਨ ਵਿੱਚ ਸ਼ਾਮਲ ਹੋਣ ’ਤੇ ਨਿੱਘਾ ਸਵਾਗਤ ਕਰਦਿਆਂ ਜੀ ਆਇਆ ਆਖਿਆ। ਇਸ ਮੌਕੇ ਪ੍ਰਧਾਨ ਕੈਪਟਨ ਸਿੰਘ ਮਹਿਤਾ ਨੇ ਕਿਹਾ ਕਿ ਐਸੋਸੀਏਸ਼ਨ ਦੇ ਪਰਿਵਾਰ ਵਿੱਚ ਦੋ ਨਵੇਂ ਸਾਥੀਆਂ ਦਾ ਸ਼ਾਮਲ ਹੋਣਾ ਬੇਹੱਦ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰ ਭਾਈਚਾਰੇ ਦੀ ਏਕਤਾ, ਆਪਸੀ ਸਹਿਯੋਗ ਅਤੇ ਪੱਤਰਕਾਰ ਭਾਈਚਾਰੇ ਦੇ ਹੱਕਾਂ ਦੀ ਰਾਖੀ ਲਈ ਸਾਰਿਆਂ ਦਾ ਇਕਜੁੱਟ ਹੋਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨਵੇਂ ਸਾਥੀਆਂ ਦੇ ਜੁੜਨ ਨਾਲ ਸਰਕਲ ਮਹਿਤਾ ਇਕਾਈ ਹੋਰ ਮਜ਼ਬੂਤ ਹੋਵੇਗੀ ਅਤੇ ਪੱਤਰਕਾਰਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਯਤਨਾਂ ਨੂੰ ਨਵੀਂ ਦਿਸ਼ਾ ਮਿਲੇਗੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਐਸੋਸੀਏਸ਼ਨ ਪੱਤਰਕਾਰਾਂ ਦੇ ਮਾਣ-ਸਨਮਾਨ ਅਤੇ ਏਕਤਾ ਨੂੰ ਕਾਇਮ ਰੱਖਣ ਲਈ ਹਮੇਸ਼ਾ ਯਤਨਸ਼ੀਲ ਰਹੇਗੀ।

ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਐਸ.ਡੀ.ਐਮ. ਦ਼ਫਤਰ ਬੁਢਲਾਡਾ ਵਿਖੇ ਇੱਕ ਅਹਿਮ ਮੀਟਿੰਗ ਹੋਈ

ਬੁਢਲਾਡਾ 1 ਅਕਤੂਬਰ (ਆਵਾਜ਼ਿ ਕੌਮ ਬਿਊਰੋ) -ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਐਸ.ਡੀ.ਐਮ. ਦ਼ਫਤਰ ਬੁਢਲਾਡਾ ਵਿਖੇ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਅਤੇ ਐਸ.ਡੀ.ਐਮ. ਗੁਰਮੀਤ ਕੁਮਾਰ ਵੱਲੋਂ ਕੀਤੀ ਗਈ। ਮੀਟਿੰਗ ਵਿੱਚ ਬੁਢਲਾਡਾ, ਬੋਹਾ ਅਤੇ ਬਰੇਟਾ ਤਿੰਨਾਂ ਮਾਰਕੀਟ ਕਮੇਟੀਆਂ ਦੇ ਚੇਅਰਮੈਨ, ਆੜ੍ਹਤੀ ਐਸੋਸੀਏਸ਼ਨਾਂ ਦੇ ਪ੍ਰਧਾਨ ਅਤੇ ਹੋਰ ਆੜ੍ਹਤੀ ਸਾਹਿਬਾਨ, ਝੋਨੇ ਦੀ ਖਰੀਦ ਕਰਨ ਵਾਲੀਆਂ ਵੱਖ-ਵੱਖ ਖਰੀਦ ਏਜੰਸੀਆਂ ਦੇ ਇੰਸਪੈਕਟਰ ਅਤੇ ਟਰਾਂਸਪੋਰਟਰ ਸ਼ਾਮਲ ਹੋਏ।ਮੀਟਿੰਗ ਦੌਰਾਨ ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਕੋਲੋਂ ਝੋਨੇ ਦੀ ਖਰੀਦ ਸਮੇਂ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ ਗਈ। ਕਿਸਾਨਾਂ ਅਤੇ ਆੜ੍ਹਤੀਆਂ ਵੱਲੋਂ ਮੁੱਖ ਤੌਰ ’ਤੇ ਝੋਨੇ ਦੀ ਲਿਫਟਿੰਗ ਵਿੱਚ ਦੇਰੀ, ਬਾਰਦਾਨੇ ਦੀ ਘਾਟ ਅਤੇ ਝੋਨੇ ਵਿੱਚ ਨਮੀ ਦੀ ਮਾਤਰਾ ਸਬੰਧੀ ਸਮੱਸਿਆਵਾਂ ਬਾਰੇ ਧਿਆਨ ਦਿਵਾਇਆ ਗਿਆ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਨਿਰਧਾਰਤ ਨਮੀ ਕਾਰਨ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਪ੍ਰਿੰਸੀਪਲ ਬੁੱਧਰਾਮ ਅਤੇ ਐਸ.ਡੀ.ਐਮ. ਗੁਰਮੀਤ ਕੁਮਾਰ ਨੇ ਸਬੰਧਤ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਝੋਨੇ ਦੀ ਖਰੀਦ ਵਿੱਚ ਕਿਸੇ ਵੀ ਕਿਸਮ ਦੀ ਰੁਕਾਵਟ ਜਾਂ ਸਮੱਸਿਆ ਪੈਦਾ ਨਹੀਂ ਹੋਣੀ ਚਾਹੀਦੀ। ਕਿਸਾਨਾਂ, ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਨਾਲ ਲਗਾਤਾਰ ਤਾਲਮੇਲ ਬਣਾਈ ਰੱਖਿਆ ਜਾਵੇ ਅਤੇ ਲਿਫਟਿੰਗ ਅਤੇ ਬਾਰਦਾਨੇ ਨੂੰ ਸਮੇਂ ਸਿਰ ਆੜ੍ਹਤੀਆਂ ਕੋਲ ਪਹੁੰਚਾਉਣਾ ਮਹਿਕਮੇ ਦੇ ਕਰਮਚਾਰੀਆਂ ਦਾ ਕੰਮ ਹੈ ।ਹੋਰ ਵੀ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇ। ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਆਪਾਂ ਸਾਰਿਆਂ ਨੇ ਰਲ ਮਿਲ ਕੇ ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ਼ ਨੇਪਰੇ ਚਾੜਨਾ ਹੈ , ਮੈਂ ਅਤੇ ਮੇਰੇ ਚੇਅਰਮੈਨ ਅਸੀ ਹਰ ਸਮੇ ਤੁਹਾਡੇ ਨਾਲ ਹਾਂ, ਕੋਈ ਵੀ ਸਮੱਸਿਆ ਹੋਵੇ , ਮੈਰੇ ਨੋਟਿਸ ਵਿੱਚ ਲਿਆਂਦੀ ਜਾਵੇ ਮੈ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਹੱਲ ਕਰੂੰਗਾ । ਇਸ ਮੋਕੇ ਚੈਅਰਮੈਨ ਸ੍ਰੀ ਸਤੀਸ਼ ਸਿੰਗਲਾ , ਚੈਆਰਮੇਨ ਕੇਵਲ ਸ਼ਰਮਾ, ਚੈਅਰਮੈਨ ਰਣਜੀਤ ਫਰੀਦ ਕੇ , ਸ਼ੈਟੀ , ਪ੍ਰਵੀਨ ਕੁਮਾਰ ਤੋਂ ਇਲਾਵਾ ਖਰੀਦ ਏਜੰਸੀਆਂ ਜਸਵੀਰ ਸਿਘ ਤੋਂ ਇਲਾਵਾ ਹੋਰ ਵੀ ਮੈਜੂਦ ਸਨ।

ਸੰਯੁਕਤ ਸਮਾਜ ਮੋਰਚੇ ਦੇ ਮਾਝਾ ਜ਼ੋਨ ਪ੍ਰਧਾਨ ਸ੍ਰ ਸੁਖਜਿੰਦਰ ਸਿੰਘ ਮਾਹੂ ਭਗਤੂਪੁਰ

ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ





ਅੰਮ੍ਰਿਤਸਰ 1 ਨਵੰਬਰ (ਆਵਾਜ਼ਿ ਕੌਮ ਬਿਊਰੋ)–ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਉਸ ਸਮੇਂ ਵੱਡਾ ਜਥੇਬੰਦਕ ਹੁਲਾਰਾ ਮਿਲਿਆ, ਜਦੋਂ ਸੰਯੁਕਤ ਸਮਾਜ ਮੋਰਚੇ ਦੇ ਮਾਝਾ ਜ਼ੋਨ ਪ੍ਰਧਾਨ ਸ੍ਰ ਸੁਖਜਿੰਦਰ ਸਿੰਘ ਮਾਹੂ ਭਗਤੂਪੁਰ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਲ ਹੋ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਪੂ ਤਰਸੇਮ ਸਿੰਘ ਜੀ ਨੇ ਸਿਰੋਪਾਉ ਭੇਟ ਕਰਕੇ ਕੀਤਾ ਨਿੱਘਾ ਸਵਾਗਤ, ਐਡਵੋਕੇਟ ਕਰਮਵੀਰ ਸਿੰਘ ਦੇ ਵਿਸ਼ੇਸ਼ ਯਤਨਾਂ ਸਦਕਾ ਹੋਈ ਅਹਿਮ ਸ਼ਮੂਲੀਅਤ

ਇਸ ਮੌਕੇ ਸ੍ਰ ਸੁਖਜਿੰਦਰ ਸਿੰਘ ਮਾਹੂ ਭਗਤੂਪੁਰ ਨੇ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਵਿਚਾਰਧਾਰਾ ਅਨੁਸਾਰ ਪੰਜਾਬ ਅਤੇ ਪੰਥ ਦੇ ਹਿੱਤਾਂ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਅਤੇ ਮਾਝਾ ਖੇਤਰ ਵਿੱਚ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਆਪਣੇ ਸਾਥੀਆਂ ਸਮੇਤ ਸਰਗਰਮ ਭੂਮਿਕਾ ਨਿਭਾਉਣਗੇ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਯੂਥ ਵਿੰਗ ਦੇ ਪ੍ਰਧਾਨ ਸ੍ਰ ਸੁਖਦੇਵ ਸਿੰਘ ਕਾਦੀਆਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸ੍ਰ ਸੁਖਜਿੰਦਰ ਮਾਹੂ ਦੀ ਇਹ ਸ਼ਮੂਲੀਅਤ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਮਾਝਾ ਖੇਤਰ ਵਿੱਚ ਹੋਰ ਕੱਦ ਉੱਚਾ ਕਰੇਗੀ।

ਭੇਟ ਕੀਤਾ ਅਤੇ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਿਲ ਕਰਕੇ ਨਿੱਘਾ ਸਵਾਗਤ ਕੀਤਾ। ਪ੍ਰੈਸ ਨੋਟ ਰਾਹੀ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪੰਜਾਬ ਅਤੇ ਪੰਥ ਦੇ ਹਿੱਤਾਂ ਲਈ ਸਮਰਪਿਤ ਲੋਕਾਂ ਦਾ ਪਾਰਟੀ ਨਾਲ ਜੁੜਨਾ ਖੁਸ਼ੀ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹੱਕਾਂ, ਪੰਥਕ ਮਸਲਿਆਂ ਅਤੇ ਨੌਜਵਾਨ ਪੀੜ੍ਹੀ ਦੇ ਸੁਨਹਿਰੀ ਭਵਿੱਖ ਲਈ ਆਪਣੀ ਆਵਾਜ਼ ਬੁਲੰਦ ਕਰ ਰਿਹਾ ਹੈ ਅਤੇ ਕਰਦਾ ਰਹੇਗਾ। ਉਨ੍ਹਾਂ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਅਤੇ ਮਿਲ ਕੇ ਜਥੇਬੰਦੀ ਨੂੰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।

ਜ਼ਿਕਰਯੋਗ ਹੈ ਕਿ ਸੁਖਜਿੰਦਰ ਸਿੰਘ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਹਲਕਾ ਅੰਮ੍ਰਿਤਸਰ ਪੂਰਬੀ ਤੋਂ ਸੰਯੁਕਤ ਸਮਾਜ ਮੋਰਚੇ ਦੀ ਟਿਕਟ 'ਤੇ ਚੋਣ ਲੜ ਚੁੱਕੇ ਹਨ। ਪਾਰਟੀ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਦੁਆਰਾ ਅੰਮ੍ਰਿਤਸਰ ਤੋਂ ਜਾਰੀ ਪ੍ਰੈਸ ਨੋਟ ਰਾਹੀਂ ਇਹ ਜਾਣਕਾਰੀ ਮਿਲੀ ਕਿ ਇਹ ਸ਼ਮੂਲੀਅਤ ਪਾਰਟੀ ਦੇ ਬੁਲਾਰੇ ਐਡਵੋਕੇਟ ਸ੍ਰ ਕਰਮਵੀਰ ਸਿੰਘ ਪੰਨੂ ਦੇ ਵਿਸ਼ੇਸ਼ ਯਤਨਾਂ ਅਤੇ ਪ੍ਰੇਰਨਾ ਸਦਕਾ ਸੰਭਵ ਹੋਈ। ਇਸ ਮੌਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਪਿਤਾ ਅਤੇ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਨੇ ਸ੍ਰ ਸੁਖਜਿੰਦਰ ਸਿੰਘ ਮਾਹੂ ਭਗਤੂਪੁਰ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਿਰੋਪਾਉ

ਮੁੱਖ ਮੰਤਰੀ ਨੂੰ ਧੂਰੀ ਤੋਂ ਦੁਬਾਰਾ ਟਿਕਟ ਮਿਲਣ 'ਤੇ ਪੇਧਨੀ ਅਤੇ ਸਮੁੰਦਗੜ ਛੰਨਾ 'ਚ ਵੰਡੇ ਲੱਡੂ



ਧੂਰੀ (ਰਣਜੀਤ ਸਿੰਘ ਪੇਧਨੀ)-2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੀਆਂ 40 ਸੀਟਾਂ ਤੇ ਆਪਣੇ ਉਮੀਦਵਾਰਾਂ ਦਾ ਐਲਾਨ ਕਰਕੇ ਪਹਿਲ ਕਦਮੀ ਕੀਤੀ ਹੈ। ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਨੂੰ ਧੂਰੀ ਵਿਧਾਨ ਸਭਾ ਹਲਕੇ ਤੋਂ ਦੁਬਾਰਾ ਉਮੀਦਵਾਰ ਬਣਾਇਆ ਗਿਆ ਹੈ। ਜਿਸ ਨੂੰ ਲੈ ਕੇ ਵਿਧਾਨ ਸਭਾ ਹਲਕੇ ਦੇ 75 ਪਿੰਡਾਂ ਦੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਅੱਜ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ਼ ਬੋਰਡ ਪੰਜਾਬ ਅਤੇ ਜ਼ਿਲਾ ਪਰਿਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਦੀ ਅਗਵਾਈ ਹੇਠ ਵੱਖ ਵੱਖ ਪਿੰਡਾਂ ਦੇ ਵਿੱਚ ਲੱਡੂ ਵੰਡੇ ਗਏ । ਇਸ ਮੌਕੇ ਸਰਪੰਚ ਮੱਖਣ ਸਿੰਘ, ਆਪ ਦੇ ਸਕੱਤਰ ਬਿੱਟੂ ਖੁਰਮੀ, ਆਪ ਆਗੂ ਮੱਖਣ ਸਿੰਘ ਪੰਚ, ਸਤਿਨਾਮ ਸਿੰਘ ਸੱਤੂ, ਸਰਪੰਚ ਕੁਲਵਿੰਦਰ ਸਿੰਘ ਸਮੁੰਦਗੜ ਛੰਨਾ , ਨੰਬਰਦਾਰ ਗੁਰਪ੍ਰੀਤ ਸਿੰਘ, ਗਗਨਦੀਪ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸੀਨੀਅਰ ਆਗੂ ਪਲਵਿੰਦਰ ਸਿੰਘ ਸਿੱਧੂ ਨੇ ਜਤਾਇਆ ਹਾਈਕਮਾਂਡ ਦਾ ਧੰਨਵਾਦ

ਭਿੱਖੀਵਿੰਡ, 1 ਨਵੰਬਰ (ਆਵਾਜ਼ਿ ਕੌਮ ਬਿਊਰੋ) – ਆਮ ਆਦਮੀ ਪਾਰਟੀ ਹਾਈਕਮਾਂਡ ਵੱਲੋਂ ਜਾਰੀ ਪਹਿਲੀ ਲਿਸਟ ਵਿੱਚ ਖੇਮਕਰਨ ਵਿਧਾਨ ਸਭਾ ਹਲਕੇ ਦੇ ਵਿਧਾਇਕ ਸਰਵਣ ਸਿੰਘ ਧੁੰਨ ਨੂੰ ਦੁਬਾਰਾ ਉਮੀਦਵਾਰ ਐਲਾਨਣ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਖੇਮਕਰਨ ਤੋਂ ਸੀਨੀਅਰ ਆਗੂ ਅਤੇ ਸਾਂਡਪੁਰਾ ਪਿੰਡ ਦੇ ਸਰਪੰਚ ਪਲਵਿੰਦਰ ਸਿੰਘ ਸਿੱਧੂ ਨੇ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ। ਪਲਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਸਰਵਣ ਸਿੰਘ ਧੁੰਨ ਨੇ ਖੇਮਕਰਨ ਤੋਂ ਵਿਧਾਇਕ ਬਣ ਕੇ ਬਿਨਾਂ ਭੇਦ-ਭਾਵ ਹਲਕੇ ਦਾ ਵਿਕਾਸ ਕਰਕੇ ਖੇਮਕਰਨ ਦੇ ਕਸਬਿਆਂ ਅਤੇ ਪਿੰਡਾਂ ਨੂੰ ਮਾਡਲ ਬਣਾਇਆ ਹੈ ਅਤੇ ਖੇਮਕਰਨ ਹਲਕੇ ਤੋਂ ਇਲਾਵਾ ਜ਼ਿਲ੍ਹਾ ਤਰਨਤਾਰਨ ਵਿੱਚ ਵੀ 'ਆਪ' ਨੂੰ ਮਜ਼ਬੂਤ ਕੀਤਾ ਹੈ। ਕਿਹਾ ਕਿ ਧੁੰਨ ਦੀ ਪਾਰਟੀ ਪ੍ਰਤੀ ਦਿਖਾਈ ਗਈ ਵਫ਼ਾਦਾਰੀ ਕਰਕੇ ਹੀ 'ਆਪ' ਸੰਸਥਾਪਕ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੂਰੇ ਹਾਈਕਮਾਂਡ ਨੇ ਉਨ੍ਹਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਉਨ੍ਹਾਂ ਆਪਣੇ ਸਾਥੀਆਂ ਦੇ ਨਾਲ ਉਮੀਦਵਾਰ ਘੋਸ਼ਿਤ ਹੋਣ 'ਤੇ ਵਿਧਾਇਕ ਸਰਵਨ ਸਿੰਘ ਧੁੰਨ ਨੂੰ ਵਧਾਈ ਦਿੱਤੀ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਲਿਸਟ ਵਿੱਚ ਸਰਵਣ ਸਿੰਘ ਧੁੰਨ ਦਾ ਨਾਂ ਸ਼ਾਮਲ ਹੋਣ ਨਾਲ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਹੈ। ਉਨ੍ਹਾਂ ਆਪਣੇ ਸਾਥੀਆਂ ਦੇ ਨਾਲ ਉਮੀਦਵਾਰ ਘੋਸ਼ਿਤ ਹੋਣ 'ਤੇ ਵਿਧਾਇਕ ਸਰਵਨ ਸਿੰਘ ਧੁੰਨ ਨੂੰ ਵਧਾਈ ਦਿੱਤੀ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਮਨਾਇਆ ਦੀਵਾਲੀ ਦਿਵਸ

ਫ਼ਿਰੋਜ਼ਪੁਰ, 01 ਨਵੰਬਰ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਦੀਵਾਲੀ ਦੇ ਪਵਿੱਤਰ ਤਿਓਹਾਰ ਨੂੰ ਮੁੱਖ ਰੱਖਦਿਆਂ ਅੱਜ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਜਨਰਲ ਮੀਟਿੰਗ ਸ਼੍ਰੀ ਪ੍ਰਦੀਪ ਧਵਨ ਪ੍ਰਧਾਨ ਦੀ ਅਗਵਾਈ ਵਿੱਚ ਕੀਤੀ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਮੀਟਿੰਗ ਵਿੱਚ ਕੁਝ ਨਵੇਂ ਆਏ ਮੈਂਬਰਾਂ ਦਾ ਫੋਰਮ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਦੀਵਾਲੀ ਦੇ ਪਵਿੱਤਰ ਤਿਓਹਾਰ ਬਾਰੇ ਵੱਖ—ਵੱਖ ਬੁਲਾਰਿਆਂ ਨੇ ਚਾਨਣਾ ਪਾਇਆ। ਇਹ ਮੀਟਿੰਗ ਉਸ ਸਮੇਂ ਹੋਰ ਵੀ ਪ੍ਰਭਾਵਸ਼ਾਲੀ ਬਣ ਗਈ, ਜਦੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਸੇਨੇਟ ਦੀਆਂ ਚੋਣਾਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਨ ਵਾਲੇ ਐਡਵੋਕੇਟ ਸ਼੍ਰੀ ਮੇਹਰ ਸਿੰਘ ਮੱਲ ਮੀਟਿੰਗ ਵਿੱਚ ਹਾਜ਼ਰ ਹੋਏ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ਼ ਕੋਈ ਮਸਲਾ ਨਿੱਜੀ ਤੌਰ ਤੇ ਹੱਲ ਕਰਾਉਣ ਦਾ ਪ੍ਰਣ ਕੀਤਾ। ਉਨ੍ਹਾਂ ਕਿਹਾ ਕਿ ਉਹ ਫ਼ਿਰੋਜ਼ਪੁਰ ਦੇ ਬੱਚਿਆਂ ਦੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ਼ ਸਬੰਧਤ ਮਸਲੇ ਪਹਿਲ ਦੇ ਆਧਾਰ ਤੇ ਹੱਲ ਕਰਾਉਣ ਲਈ ਕੋਈ ਕਸਰ ਨਹੀਂ ਛੱਡਣਗੇ। ਇਸ ਮੌਕੇ ਸਮੂਹ ਹਾਜਰ ਮੈਂਬਰ ਨੂੰ ਦੀਵਾਲੀ ਗਿਫ਼ਟ ਅਤੇ ਜਨਮ ਦਿਵਸ ਵਾਲੇ ਮੈਂਬਰ ਨੂੰ ਜਨਮ ਦਿਵਸ ਦੇ ਤੋਹਫਿਆਂ ਨਾਲ ਸਨਮਾਨਿਤ ਕੀਤਾ। ਫੋਰਮ ਵੱਲੋਂ ਸ਼੍ਰੀ ਮੇਹਰ ਸਿੰਘ ਮੱਲ ਐਡਵੋਕੇਟ ਨੂੰ ਸੈਨੇਟ ਦੀ ਚੋਣ ਜਿੱਤਣ ਅਤੇ ਸ਼੍ਰੀ ਪਰੇਮ ਰਸੀਆ ਮੈਂਬਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਗੋਲਡਨ ਜੁਬਲੀ ਵਿਆਹ ਦੀ ਵਰੇਗੰਢ ਤੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸ਼੍ਰੀ ਅਸ਼ੋਕ ਕੁਮਾਰ ਕੱਕਰ, ਅਵਤਾਰ ਸਿੰਘ ਭੋਲਾ, ਅਸ਼ੋਕ ਬਜਾਜ, ਰਾਕੇਸ਼ ਸ਼ਰਮਾ, ਹਰੀਸ਼ ਮੋਂਗਾ, ਪਰੇਮ ਰਸੀਆ, ਰਾਮ ਕੁਮਾਰ ਚੋਪੜਾ, ਪ੍ਰਵੇਸ਼ ਧਵਨ, ਐਸ ਪੀ ਖੁਰਾਣਾ, ਹਰਭਜਨ ਲਾਲ, ਸੁਭਾਸ਼ ਦੋਦਾ, ਐਸ.ਪੀ ਖੇੜਾ, ਦੇਸ਼ ਬੰਧੂ ਤੁਲੀ, ਅਸ਼ੋਕ ਗਰਗ, ਚਰਨਜੀਤ ਮਹਾਜਨ, ਸ਼ਾਮ ਲਾਲ ਗੱਖੜ ਆਦਿ ਨੇ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ। ਮੀਟਿੰਗ ਦੌਰਾਨ ਸਟੇਜ ਸੈਕਟਰੀ ਦੀ ਭੂਮਿਕਾ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਨਿਭਾਈ ਅਤੇ ਅੰਤ ਵਿੱਚ ਪ੍ਰਧਾਨ ਪਰਦੀਪ ਧਵਨ ਨੇ ਸਾਰੇ ਮੈਂਬਰ ਸਾਹਿਬਾਨ ਦਾ ਧੰਨਵਾਦ ਕੀਤਾ ਅਤੇ ਅਪਣੇ ਪੋਤਰੇ ਦੇ ਜਨਮ ਦੀ ਖੁਸ਼ੀ ਵਿੱਚ ਫ਼ੋਰਮ ਨੂੰ ਮਾਇਕ ਸਹਾਇਤਾ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

ਮਾਤਾ ਸਾਹਿਬ ਕੌਰ ਜੀ ਦਾ ਜੀਵਨ ਸਾਨੂੰ ਸੇਵਾ, ਸਿਮਰਨ

ਸਿਦਕ ਅਤੇ ਕੁਰਬਾਨੀ ਦੀ ਪ੍ਰੇਰਣਾ ਦਿੰਦਾ ਹੈ- ਹਰਸਿਮਰਤ ਕੌਰ ਬਾਦਲ







ਤਲਵੰਡੀ ਸਾਬੋ, 1 ਨਵੰਬਰ (ਗੁਰਜੰਟ ਸਿੰਘ ਨਥੇਹਾ)-ਧੰਨ-ਧੰਨ ਮਾਤਾ ਸਾਹਿਬ ਕੌਰ ਜੀ ਦੇ ਪਾਵਨ ਜਨਮ ਦਿਹਾੜੇ ਮੌਕੇ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ, ਤਲਵੰਡੀ ਸਾਬੋ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਕਾਸ਼ ਮੌਕੇ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਤਲਵੰਡੀ ਸਾਬੋ ਹਲਕਾ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਵੀ ਹਾਜ਼ਰ ਸਨ। ਦੋਵਾਂ ਆਗੂਆਂ ਨੇ ਗੁਰੂ ਸਾਹਿਬ ਅੱਗੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਮਾਤਾ ਸਾਹਿਬ ਕੌਰ ਜੀ ਦਾ ਜੀਵਨ ਸਾਨੂੰ ਸੇਵਾ, ਸਿਮਰਨ, ਸਿਦਕ ਅਤੇ ਕੁਰਬਾਨੀ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮਾਤਾ ਸਾਹਿਬ ਕੌਰ ਜੀ ਦਾ ਜੀਵਨ ਸਿੱਖ ਕੌਮ ਲਈ ਪ੍ਰੇਰਨਾ ਸਰੋਤ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ, ਵਿਰਸੇ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਜਨਮ ਦਿਹਾੜੇ ਸਬੰਧੀ ਕਰਵਾਏ ਜਾ ਰਹੇ ਸਮਾਗਮ ਦੀ ਸਮਾਪਤੀ ਮੌਕੇ ਸਮੁੱਚਾ ਪ੍ਰਬੰਧ ਬੀਬੀਆਂ ਵੱਲੋਂ ਸੰਭਾਲਿਆ ਜਾਵੇਗਾ। ਕੀਰਤਨ ਤੋਂ ਲੈ ਕੇ ਲੰਗਰ ਦੀ ਸੇਵਾ ਤੱਕ ਸਾਰੀਆਂ ਸੇਵਾਵਾਂ ਬੀਬੀਆਂ ਵੱਲੋਂ ਹੀ ਨਿਭਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਮਾਤਾ ਸਾਹਿਬ ਕੌਰ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਮਹਾਨ ਸ਼ਖ਼ਸੀਅਤ ਨੂੰ ਸਮਰਪਿਤ ਹੋਵੇਗਾ। ਇੱਕ ਸਵਾਲ ਦੇ ਜਵਾਬ ਵਿੱਚ ਬੀਬਾ ਹਰਸਿਮਰਤ ਕੌਰ ਬਾਦਲ ਨੇ ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ 'ਤੇ ਸਿਆਸੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਨ੍ਹਾਂ ਮੁਤਾਬਕ ਕੇਜਰੀਵਾਲ ਅਤੇ ਉਨ੍ਹਾਂ ਦੀ ਪਾਰਟੀ ਨੇ ਪਿਛਲੇ ਪੰਜ ਸਾਲਾਂ ਦੌਰਾਨ ਪੰਜਾਬ ਦੇ ਲੋਕਾਂ ਨੂੰ ਲੁੱਟਿਆ ਤੇ ਕੁੱਟਿਆ ਹੈ। ਉਨ੍ਹਾਂ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਦੋਸ਼ ਲਾਇਆ ਕਿ ਪਾਰਟੀ ਦੀ ਨੀਅਤ ਪੰਜਾਬ ਨੂੰ ਹੋਰ ਲੁੱਟਣ ਦੀ ਹੈ। ਉਨ੍ਹਾਂ ਆਪਣੇ ਬਿਆਨ ਵਿੱਚ ਕੇਜਰੀਵਾਲ ਲਈ 'ਚਾਲੀ ਚੋਰ' ਸ਼ਬਦਾਂ ਦੀ ਵਰਤੋਂ ਵੀ ਕੀਤੀ। ਇਸ ਮੌਕੇ ਰਵੀਪ੍ਰੀਤ ਸਿੰਘ ਸਿੱਧੂ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਸਮਾਗਮ ਦੀ ਸਮਾਪਤੀ ਮੌਕੇ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਸਮਾਗਮ ਵਿੱਚ ਹਾਜ਼ਰੀ ਭਰ ਕੇ ਇਸ ਧਾਰਮਿਕ ਉਪਰਾਲੇ ਨੂੰ ਸਫ਼ਲ ਬਣਾਉਣ। ਉਨ੍ਹਾਂ ਸਮੂਹ ਸੰਗਤਾਂ ਨੂੰ ਹੁੰਮ-ਹੁਮਾ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਕੇਜਰੀਵਾਲ ਅਤੇ ਆਮ ਆਦਮੀ ਪਾਰਟੀ 'ਤੇ ਸਿਆਸੀ ਨਿਸ਼ਾਨਾ ਸਾਧਿਆ, ਸਮਾਗਮ ਦੀ ਸਮਾਪਤੀ ਮੌਕੇ ਸਾਰੀਆਂ ਸੇਵਾਵਾਂ ਬੀਬੀਆਂ ਵੱਲੋਂ ਨਿਭਾਈਆਂ ਜਾਣਗੀਆਂ

ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਖਾਨਕੋਟ ਵਿੱਚ ਸਾਲਾਨਾ ਅੰਤਰ-ਸਦਨ ਐਥਲੈਟਿਕਸ ਮੀਟ 2026 ਦਾ ਸ਼ਾਨਦਾਰ ਸਮਾਪਨ; ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਸਦਨ ਬਣਿਆ ਸਰਵੋਤਮ ਸਦਨ



ਖਾਨਕੋਟ ਅੰਮ੍ਰਿਤਸਰ 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਦੋ ਦਿਨ ਦੌੜਾਂ, ਰਿਲੇਅ, ਛਾਲਾਂ ਅਤੇ ਥ੍ਰੋਅ ਮੁਕਾਬਲਿਆਂ ਦੀ ਗੂੰਜ ਤੋਂ ਬਾਅਦ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਖਾਨਕੋਟ ਵਿਖੇ ਸਾਲਾਨਾ ਅੰਤਰ-ਸਦਨ ਐਥਲੈਟਿਕਸ ਮੀਟ 2026 ਚੜ੍ਹਦੀ ਕਲਾ ਵਿੱਚ ਸੰਪੰਨ ਹੋਈ। ਇਸ ਮੀਟ ਵਿੱਚ ਵਿਦਿਆਰਥੀਆਂ ਦਾ ਅਨੁਸ਼ਾਸਨ, ਦ੍ਰਿੜ੍ਹ ਇਰਾਦਾ ਅਤੇ ਖੇਡ ਭਾਵਨਾ ਪੂਰੀ ਤਰ੍ਹਾਂ ਝਲਕੀ। ਮੀਟ ਦੀ ਸ਼ੁਰੂਆਤ ਉੱਘੇ ਅੱਖਾਂ ਦੇ ਸਰਜਨ ਡਾ. ਪ੍ਰੀਤਮ ਸਿੰਘ ਨੇ ਮੁੱਖ ਮਹਿਮਾਨ ਵਜੋਂ ਕੀਤੀ। ਸਕੂਲ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰ ਡਾ. ਸਿੰਘ ਜਿੰਨੇ ਆਪਰੇਸ਼ਨ ਥੀਏਟਰ ਵਿੱਚ ਮਾਹਰ ਹਨ, ਓਨੇ ਹੀ ਬਰਫ਼ੀਲੀਆਂ ਢਲਾਣਾਂ 'ਤੇ ਵੀ ਸਹਿਜ ਹਨ। ਉਹ ਇੱਕ ਕੁਸ਼ਲ ਸਕੀਅਰ ਹਨ ਅਤੇ ਉਨ੍ਹਾਂ ਦਾ ਜੀਵਨ ਵਿਦਿਆਰਥੀਆਂ ਨੂੰ ਸਿਖਾਉਂਦਾ ਹੈ ਕਿ ਆਪਣੇ ਕਿੱਤੇ ਵਿੱਚ ਮੁਹਾਰਤ ਅਤੇ ਖੇਡ ਦਾ ਜਨੂੰਨ ਨਾਲ-ਨਾਲ ਚੱਲ ਸਕਦੇ ਹਨ। ਉਨ੍ਹਾਂ ਨੌਜਵਾਨ ਖਿਡਾਰੀਆਂ ਨੂੰ ਉੱਚੇ ਸੁਪਨੇ ਵੇਖਣ ਅਤੇ ਚੁਣੌਤੀਆਂ ਦਾ ਡਟ ਕੇ ਸਾਹਮਣਾ ਕਰਨ ਲਈ ਪ੍ਰੇਰਿਆ। ਸਮਾਪਤੀ ਸਮਾਗਮ ਦੀ ਸ਼ੋਭਾ ਐੱਸ. ਜੁਗਰਾਜ ਸਿੰਘ, ਪੀ.ਪੀ.ਐੱਸ., ਡਿਪਟੀ ਕਮਿਸ਼ਨਰ ਆਫ਼ ਪੁਲਿਸ (ਅਪ੍ਰੇਸ਼ਨਜ਼) ਨੇ ਮੁੱਖ ਮਹਿਮਾਨ ਵਜੋਂ ਵਧਾਈ। ਅੰਮ੍ਰਿਤਸਰ ਜ਼ਿਲ੍ਹੇ ਦੀ ਮਿੱਟੀ ਵਿੱਚੋਂ ਉੱਠ ਕੇ ਉਹ ਕੌਮਾਂਤਰੀ ਹਾਕੀ ਦੇ ਮੰਚ ਤੱਕ ਪਹੁੰਚੇ। ਇੱਕ ਨਿਡਰ ਡਿਫੈਂਡਰ ਅਤੇ ਭਾਰਤ ਦੇ ਸਭ ਤੋਂ ਖ਼ਤਰਨਾਕ ਡਰੈਗ-ਫਲਿੱਕਰਾਂ ਵਿੱਚੋਂ ਇੱਕ ਵਜੋਂ ਉਨ੍ਹਾਂ 2002 ਹਾਕੀ ਵਿਸ਼ਵ ਕੱਪ ਵਿੱਚ ਦੇਸ਼ ਦੀ ਨੁਮਾਇੰਦਗੀ ਕੀਤੀ ਅਤੇ ਏਸ਼ਿਆਈ ਖੇਡਾਂ ਵਿੱਚ ਚਾਂਦੀ ਦਾ ਤਗ਼ਮਾ ਜਿੱਤਿਆ। ਜੂਨੀਅਰ ਵਿਸ਼ਵ ਕੱਪ ਵਿੱਚ ਵੀ ਉਹ ਮੋਹਰੀ ਸਕੋਰਰਾਂ ਵਿੱਚ ਰਹੇ। 2003 ਦੇ ਕਾਰ ਹਾਦਸੇ ਨੇ ਉਨ੍ਹਾਂ ਦਾ ਖੇਡ ਸਫ਼ਰ ਰੋਕ ਦਿੱਤਾ, ਪਰ ਉਨ੍ਹਾਂ ਹੌਸਲੇ ਨਾਲ ਵਾਪਸੀ ਕੀਤੀ। ਪੰਜਾਬ ਪੁਲਿਸ ਵਿੱਚ ਸੇਵਾ ਦੇ ਨਾਲ-ਨਾਲ ਉਹ ਭਾਰਤੀ ਟੀਮ ਦੇ ਸਹਾਇਕ ਕੋਚ ਵੀ ਰਹੇ। ਉਨ੍ਹਾਂ ਵਿਦਿਆਰਥੀਆਂ ਨੂੰ ਕਿਹਾ ਕਿ ਮੈਦਾਨ ਵਿੱਚ ਸਿੱਖਿਆ ਅਨੁਸ਼ਾਸਨ, ਸਬਰ ਅਤੇ ਟੀਮ ਭਾਵਨਾ ਸਾਰੀ ਉਮਰ ਕੰਮ ਆਉਂਦੀ ਹੈ, ਅਤੇ ਹਰ ਹਾਰ ਨੂੰ ਵਾਪਸੀ ਦਾ ਮੌਕਾ ਬਣਾਇਆ ਜਾ ਸਕਦਾ ਹੈ। ਪਤਵੰਤਿਆਂ ਵਿੱਚ ਸਕੂਲ ਦੇ ਪ੍ਰਬੰਧਕੀ ਨਿਰਦੇਸ਼ਕ ਡਾ. ਗੁਰਬਿਲਾਸ ਪੀ. ਸਿੰਘ ਪੰਨੂ, ਐੱਸ. ਹਰਿੰਦਰਪਾਲ ਸਿੰਘ, ਡਾ. ਗੁਰਲਾਲ ਸਿੰਘ (ਡਾਇਰੈਕਟਰ, ਬਾਬਾ ਬੁੱਢਾ ਜੀ ਹਸਪਤਾਲ), ਡਾ. ਪੂਨਮ ਚੋਪੜਾ (ਪ੍ਰਿੰਸੀਪਲ, ਬੀ.ਐੱਡ. ਕਾਲਜ) ਅਤੇ ਡਾ. ਸਰਬਜੀਤ ਕੌਰ ਹਾਜ਼ਰ ਸਨ। ਦੋ ਦਿਨਾਂ ਦੌਰਾਨ ਚਾਰੇ ਸਦਨਾਂ, ਸਾਹਿਬਜ਼ਾਦਾ ਅਜੀਤ ਸਿੰਘ ਜੀ ਸਦਨ, ਸਾਹਿਬਜ਼ਾਦਾ ਜੁਝਾਰ ਸਿੰਘ ਜੀ ਸਦਨ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਸਦਨ ਅਤੇ ਸਾਹਿਬਜ਼ਾਦਾ ਫ਼ਤਿਹ ਸਿੰਘ ਜੀ ਸਦਨ, ਨੇ ਟਰੈਕ ਅਤੇ ਫੀਲਡ ਮੁਕਾਬਲਿਆਂ ਵਿੱਚ ਫਸਵੇਂ ਮੁਕਾਬਲੇ ਕੀਤੇ। ਪੂਰੀ ਮੀਟ ਦੌਰਾਨ ਸ਼ਾਨਦਾਰ ਕਾਰਗੁਜ਼ਾਰੀ ਦੇ ਦਮ 'ਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ ਸਦਨ ਨੇ ਓਵਰਆਲ ਚੈਂਪੀਅਨ ਬਣ ਕੇ ਵੱਕਾਰੀ ਸਰਵੋਤਮ ਸਦਨ ਟਰਾਫ਼ੀ ਆਪਣੇ ਨਾਂ ਕੀਤੀ। ਅੰਡਰ-14 (71), ਅੰਡਰ-17 (72) ਅਤੇ ਅੰਡਰ-19 (73) ਵਰਗਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਸਰਵੋਤਮ ਐਥਲੀਟ ਐਲਾਨੇ ਗਏ: ਸਰਤਾਜ ਸਿੰਘ, ਸ਼ੁਭਰਾਜ ਸਿੰਘ, ਲਵਪ੍ਰੀਤ ਸਿੰਘ, ਅਰਸ਼ਦੀਪ ਸਿੰਘ, ਗੁਰਸਿਰਤ ਕੌਰ, ਹਰਸਿਰਤ ਕੌਰ, ਸੀਰਤਪ੍ਰੀਤ ਕੌਰ ਅਤੇ ਪਰਨੀਤ ਕੌਰ। ਪ੍ਰਿੰਸੀਪਲ ਡਾ. ਸਿਮਰਨਜੀਤ ਕੌਰ ਨੇ ਮੁੱਖ ਮਹਿਮਾਨਾਂ ਅਤੇ ਸਰਪ੍ਰਸਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵਾਈਸ-ਪ੍ਰਿੰਸੀਪਲ ਸਤਜਿੰਦਰ ਸਿੰਘ, ਡੀ.ਪੀ.ਈ. ਕੁਲਕਰਨ ਸਿੰਘ, ਜਤਿੰਦਰ ਸਿੰਘ, ਲਬਜੀਤ ਸਿੰਘ ਅਤੇ ਸਮੂਹ ਸਟਾਫ਼ ਦੀ ਸ਼ਲਾਘਾ ਕੀਤੀ, ਜਿਨ੍ਹਾਂ ਦੀ ਲਗਨ ਅਤੇ ਸੁਚੱਜੀ ਯੋਜਨਾਬੰਦੀ ਸਦਕਾ ਸਮਾਗਮ ਸਫ਼ਲ ਰਿਹਾ। ਸਮਾਗਮ ਦੇ ਅੰਤ ਵਿੱਚ ਇਨਾਮ ਵੰਡ ਹੋਈ, ਜਿਸ ਵਿੱਚ ਜੇਤੂ ਖਿਡਾਰੀਆਂ ਨੂੰ ਟਰਾਫ਼ੀਆਂ ਅਤੇ ਮੈਰਿਟ ਸਰਟੀਫ਼ਿਕੇਟ ਦਿੱਤੇ ਗਏ। ਇਹ ਸਮਾਗਮ ਅਨੁਸ਼ਾਸਨ, ਟੀਮ ਵਰਕ ਅਤੇ ਖੇਡ ਉੱਤਮਤਾ ਦਾ ਜਸ਼ਨ ਬਣ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਪੱਛਮੀ ਹਲਕੇ ਦੇ ਵਾਰਡ ਨੰਬਰ 2 ਵਿੱਚ ਬੁਨਿਆਦੀ ਸਹੂਲਤਾਂ ਦੀ ਘਾਟ

ਗਲੀਆਂ ਕੱਚੀਆਂ ਹੋਣ ਕਾਰਨ ਤੇ ਬਿਜਲੀ ਦੇ ਖੰਭੇ ਨਾ ਹੋਣ ਕਾਰਨ ਲੋਕ ਪ੍ਰੇਸ਼ਾਨ

ਚੌਕ ਮਹਿਤਾ, 1 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਦੇ ਕੀਤੇ ਜਾ ਰਹੇ ਦਾਅਵਿਆਂ ਦੇ ਉਲਟ, ਅੰਮ੍ਰਿਤਸਰ ਦੇ ਪੱਛਮੀ ਵਿਧਾਨ ਸਭਾ ਹਲਕੇ ਅਧੀਨ ਪੈਂਦੇ ਵਾਰਡ ਨੰਬਰ 2, ਗੁਮਟਾਲਾ ਦੀ ਪੱਤੀ ਲੰਬੜਦਾਰਾਂ ਦੇ ਵਸਨੀਕ ਬੁਨਿਆਦੀ ਸਹੂਲਤਾਂ ਦੀ ਘਾਟ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਨਗਰ ਨਿਗਮ ਅੰਮ੍ਰਿਤਸਰ ਦੇ ਅਧੀਨ ਆਉਂਦੇ ਇਸ ਖੇਤਰ ਵਿੱਚ ਅੱਜ ਤੱਕ ਗਲੀਆਂ ਪੱਕੀਆਂ ਨਹੀਂ ਕੀਤੀਆਂ ਗਈਆਂ, ਬਿਜਲੀ ਦੇ ਖੰਭੇ ਨਹੀਂ ਲਗਾਏ ਗਏ ਅਤੇ ਪੀਣ ਵਾਲੇ ਪਾਣੀ ਦੀ ਸੁਚੱਜੀ ਸਪਲਾਈ ਦਾ ਵੀ ਕੋਈ ਢੁੱਕਵਾਂ ਪ੍ਰਬੰਧ ਨਹੀਂ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਲਾਕਾ ਨਿਵਾਸੀਆਂ ਅਨੁਸਾਰ, ਨਗਰ ਨਿਗਮ ਦੇ ਦਫ਼ਤਰ ਤੋਂ ਥੋੜ੍ਹੀ ਦੂਰੀ 'ਤੇ ਸਥਿਤ ਇਸ ਖੇਤਰ ਦੀ ਹਾਲਤ ਇੰਨੀ ਮਾੜੀ ਹੈ ਕਿ ਲੋਕਾਂ ਨੂੰ ਰੋਜ਼ਾਨਾ ਦੀਆਂ ਬੁਨਿਆਦੀ ਲੋੜਾਂ ਲਈ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਵਸਨੀਕਾਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਲਾਕੇ ਦੀਆਂ ਸਮੱਸਿਆਵਾਂ ਦੇ ਹੱਲ ਲਈ ਕਈ ਵਾਰ ਸਬੰਧਤ ਕੌਂਸਲਰ ਅਮਰਜੀਤ ਸਿੰਘ ਨੂੰ ਜਾਣੂ ਕਰਵਾਇਆ ਗਿਆ ਹੈ, ਪਰ ਇਲਾਕੇ ਦੀਆਂ ਸਮੱਸਿਆਵਾਂ ਦਾ ਸਥਾਈ ਹੱਲ ਹੋਣਾ ਅਜੇ ਬਾਕੀ ਹੈ।

ਸੀਵਰੇਜ ਜਾਮ ਹੋਣ ਕਾਰਨ ਲੋਕਾਂ ਨੇ ਖੁਦ ਪੈਸੇ ਇਕੱਠੇ ਕਰਕੇ ਪਵਾਇਆ ਸੀਵਰੇਜ-ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਪੱਤੀ ਲੰਬੜਦਾਰਾਂ ਵਿੱਚ ਪਸ਼ੂ ਰੱਖਣ ਵਾਲੀਆਂ ਡੇਅਰੀਆਂ ਕਾਰਨ ਵੀ ਲੋਕਾਂ ਨੂੰ ਕਥਿਤ ਤੌਰ 'ਤੇ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਪਸ਼ੂਆਂ ਦਾ ਗੋਬਰ ਅਤੇ ਹੋਰ ਗੰਦਗੀ ਸੀਵਰੇਜ ਵਿੱਚ ਸੁੱਟੇ ਜਾਣ ਕਾਰਨ ਸੀਵਰੇਜ ਅਕਸਰ ਜਾਮ ਹੋ ਜਾਂਦਾ ਹੈ, ਜਿਸ ਨਾਲ ਇਲਾਕੇ ਦੀ ਸਫ਼ਾਈ ਅਤੇ ਨਿਕਾਸੀ ਪ੍ਰਣਾਲੀ ਪ੍ਰਭਾਵਿਤ ਹੁੰਦੀ ਹੈ।

ਵਸਨੀਕਾਂ ਨੇ ਦੱਸਿਆ ਕਿ ਸਮੱਸਿਆ ਤੋਂ ਤੰਗ ਆ ਕੇ ਉਨ੍ਹਾਂ ਨੂੰ ਆਪਸੀ ਸਹਿਯੋਗ ਨਾਲ ਪੈਸੇ ਇਕੱਠੇ ਕਰਕੇ ਵੱਖਰਾ ਸੀਵਰੇਜ ਪਵਾਉਣਾ ਪਿਆ। ਉਨ੍ਹਾਂ ਸਬੰਧਤ ਵਿਭਾਗਾਂ ਤੋਂ ਮੰਗ ਕੀਤੀ ਕਿ ਸੀਵਰੇਜ ਵਿੱਚ ਗੰਦਗੀ ਸੁੱਟਣ ਦੇ ਮਾਮਲੇ ਦੀ ਜਾਂਚ ਕਰਕੇ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ ਅਤੇ ਇਲਾਕੇ ਦੀ ਸਫ਼ਾਈ ਤੇ ਸੀਵਰੇਜ ਪ੍ਰਣਾਲੀ ਨੂੰ ਸੁਚਾਰੂ ਬਣਾਇਆ ਜਾਵੇ।



ਹਾਈਕੋਰਟ ਵਿੱਚ ਦਿੱਤੇ ਹਲਫ਼ਨਾਮੇ ਸਬੰਧੀ ਵੀ ਜਾਂਚ ਦੀ ਮੰਗ-ਇਲਾਕਾ ਨਿਵਾਸੀਆਂ ਨੇ ਇਹ ਵੀ ਦਾਅਵਾ ਕੀਤਾ ਕਿ ਨਗਰ ਨਿਗਮ ਅੰਮ੍ਰਿਤਸਰ ਦੀ ਹਦੂਦ ਅੰਦਰ ਡੇਅਰੀਆਂ ਦੀ ਮੌਜੂਦਗੀ ਸਬੰਧੀ ਹਾਈਕੋਰਟ ਵਿੱਚ ਦਿੱਤੇ ਗਏ ਹਲਫ਼ਨਾਮੇ ਅਤੇ ਜ਼ਮੀਨੀ ਹਕੀਕਤ ਵਿਚਕਾਰ ਅੰਤਰ ਹੈ। ਉਨ੍ਹਾਂ ਅਨੁਸਾਰ, ਪੱਤੀ ਲੰਬੜਦਾਰਾਂ ਵਿੱਚ ਅੱਜ ਵੀ ਮੱਝਾਂ, ਗਾਵਾਂ ਅਤੇ ਬੱਕਰੀਆਂ ਰੱਖੀਆਂ ਜਾ ਰਹੀਆਂ ਹਨ।

ਵਸਨੀਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਕੋਲ ਇਸ ਸਬੰਧੀ ਵੀਡੀਓ ਸਬੂਤ ਵੀ ਮੌਜੂਦ ਹਨ, ਜਿਨ੍ਹਾਂ ਨੂੰ ਉਹ ਲੋੜ ਅਨੁਸਾਰ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਅੱਗੇ ਪੇਸ਼ ਕਰਨਗੇ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜੇਕਰ ਕੋਈ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ।

ਵਿਧਾਇਕ ਨੇ ਫੋਨ ਨਹੀਂ ਚੁੱਕਿਆ, ਕੌਂਸਲਰ ਨੇ ਜਲਦ ਕੰਮ ਕਰਵਾਉਣ ਦਾ ਦਿੱਤਾ ਭਰੋਸਾ-ਇਲਾਕਾ ਨਿਵਾਸੀਆਂ ਅਨੁਸਾਰ, ਜਦੋਂ ਪੱਛਮੀ ਹਲਕੇ ਦੇ ਵਿਧਾਇਕ ਡਾ. ਜਸਬੀਰ ਸਿੰਘ ਨਾਲ ਇਲਾਕੇ ਦੀਆਂ ਸਮੱਸਿਆਵਾਂ ਸਬੰਧੀ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਨੇ ਫੋਨ ਨਹੀਂ ਚੁੱਕਿਆ। ਵਸਨੀਕਾਂ ਨੇ ਕਿਹਾ ਕਿ ਇਲਾਕੇ ਵਿੱਚ ਵਿਕਾਸ ਕਾਰਜਾਂ ਸਬੰਧੀ ਬੈਨਰ ਲੱਗੇ ਹੋਏ ਹਨ, ਪਰ ਜ਼ਮੀਨੀ ਪੱਧਰ 'ਤੇ ਬੁਨਿਆਦੀ ਸਹੂਲਤਾਂ ਦੀ ਘਾਟ ਅਜੇ ਵੀ ਸਪੱਸ਼ਟ ਨਜ਼ਰ ਆਉਂਦੀ ਹੈ।

ਦੂਜੇ ਪਾਸੇ, ਵਸਨੀਕਾਂ ਨੇ ਦੱਸਿਆ ਕਿ ਜਦੋਂ ਵਾਰਡ ਨੰਬਰ 2 ਦੇ ਕੌਂਸਲਰ ਅਮਰਜੀਤ ਸਿੰਘ ਨਾਲ ਫੋਨ 'ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਭਰੋਸਾ ਦਿੱਤਾ ਕਿ ਇਲਾਕੇ ਦੀਆਂ ਗਲੀਆਂ ਜਲਦ ਪੱਕੀਆਂ ਕਰਵਾਈਆਂ ਜਾਣਗੀਆਂ, ਡੇਅਰੀਆਂ ਨੂੰ ਨਗਰ ਨਿਗਮ ਦੀ ਹਦੂਦ ਤੋਂ ਬਾਹਰ ਤਬਦੀਲ ਕਰਵਾਉਣ ਲਈ ਕਾਰਵਾਈ ਕੀਤੀ ਜਾਵੇਗੀ ਅਤੇ ਬਿਜਲੀ ਦੇ ਖੰਭੇ ਲਗਾਉਣ ਦੀ ਪ੍ਰਕਿਰਿਆ ਵੀ ਜਲਦ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਵਿਕਾਸ ਕਾਰਜਾਂ ਦਾ ਉਦਘਾਟਨ ਵਿਧਾਇਕ ਡਾ. ਜਸਬੀਰ ਸਿੰਘ ਵੱਲੋਂ ਕੀਤਾ ਜਾਵੇਗਾ।

ਪੌਣੇ ਪੰਜ ਸਾਲਾਂ ਦੇ ਵਿਕਾਸ ਕਾਰਜ ਹੁਣ ਦੋ ਮਹੀਨਿਆਂ ਵਿੱਚ ਕਿਵੇਂ ਪੂਰੇ ਹੋਣਗੇ ?-ਇਲਾਕਾ ਨਿਵਾਸੀਆਂ ਨੇ ਸਵਾਲ ਉਠਾਇਆ ਕਿ ਜੇਕਰ ਪਿਛਲੇ ਲਗਭਗ ਪੌਣੇ ਪੰਜ ਸਾਲਾਂ ਦੌਰਾਨ ਇਲਾਕੇ ਵਿੱਚ ਗਲੀਆਂ ਪੱਕੀਆਂ ਕਰਨ, ਬਿਜਲੀ ਦੇ ਖੰਭੇ ਲਗਾਉਣ ਅਤੇ ਪਾਣੀ ਦੀ ਸਪਲਾਈ ਵਰਗੇ ਬੁਨਿਆਦੀ ਕੰਮ ਨਹੀਂ ਹੋ ਸਕੇ ਤਾਂ ਹੁਣ ਬਾਕੀ ਰਹਿੰਦੇ ਦੋ ਮਹੀਨਿਆਂ ਵਿੱਚ ਇਹ ਸਾਰੇ ਕੰਮ ਕਿਵੇਂ ਪੂਰੇ ਹੋਣਗੇ ?

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਿਰਫ਼ ਭਰੋਸਿਆਂ ਅਤੇ ਬੈਨਰਾਂ ਦੀ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਅਸਲ ਵਿਕਾਸ ਦੀ ਲੋੜ ਹੈ। ਇਲਾਕਾ ਨਿਵਾਸੀਆਂ ਨੇ ਨਗਰ ਨਿਗਮ ਅੰਮ੍ਰਿਤਸਰ ਦੇ ਕਮਿਸ਼ਨਰ, ਸਬੰਧਤ ਅਧਿਕਾਰੀਆਂ ਅਤੇ ਹਲਕਾ ਵਿਧਾਇਕ ਤੋਂ ਮੰਗ ਕੀਤੀ ਕਿ ਵਾਰਡ ਨੰਬਰ 2 ਦੀਆਂ ਕੱਚੀਆਂ ਗਲੀਆਂ ਨੂੰ ਤੁਰੰਤ ਪੱਕਾ ਕੀਤਾ ਜਾਵੇ, ਬਿਜਲੀ ਦੇ ਖੰਭੇ ਲਗਾਏ ਜਾਣ, ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਵੇ ਅਤੇ ਸੀਵਰੇਜ ਦੀ ਸਮੱਸਿਆ ਦਾ ਸਥਾਈ ਹੱਲ ਕੀਤਾ ਜਾਵੇ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਲਾਕੇ ਦੀਆਂ ਸਮੱਸਿਆਵਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਉਹ ਆਪਣੀਆਂ ਮੰਗਾਂ ਸਬੰਧੀ ਸਬੰਧਤ ਵਿਭਾਗਾਂ ਅਤੇ ਉੱਚ ਅਧਿਕਾਰੀਆਂ ਕੋਲ ਮਾਮਲਾ ਹੋਰ ਜ਼ੋਰਦਾਰ ਢੰਗ ਨਾਲ ਉਠਾਉਣ ਲਈ ਮਜਬੂਰ ਹੋਣਗੇ।

ਲੰਗਰ ਸੇਵਾ ਕਮੇਟੀ ਨੰਗਲਾ ਵੱਲੋਂ ਪਿੰਡ ਨੰਗਲਾ ਵਿਖੇ ਖ਼ੂਨਦਾਨ ਕੈਂਪ ਲਗਾਇਆ

46 ਖ਼ੂਨਦਾਨੀਆਂ ਨੇ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਪਾਇਆ ਯੋਗਦਾਨ



ਤਲਵੰਡੀ ਸਾਬੋ, 1 ਨਵੰਬਰ (ਗੁਰਜੰਟ ਸਿੰਘ ਨਥੇਹਾ)- ਲੰਗਰ ਸੇਵਾ ਕਮੇਟੀ ਨੰਗਲਾ ਵੱਲੋਂ ਪਿੰਡ ਨੰਗਲਾ ਵਿਖੇ ਭਾਈ ਕਾਹਨ ਸਿੰਘ ਖਾਲਸਾ ਦੀ ਅਗਵਾਈ ਹੇਠ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਏਮਜ਼ ਹਸਪਤਾਲ ਬਠਿੰਡਾ ਦੀ ਮੈਡੀਕਲ ਟੀਮ ਵਿਸ਼ੇਸ਼ ਤੌਰ ’ਤੇ ਪਹੁੰਚੀ। ਕੈਂਪ ਦੌਰਾਨ 46 ਖ਼ੂਨਦਾਨੀਆਂ ਨੇ ਉਤਸ਼ਾਹ ਨਾਲ ਖ਼ੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ। ਇਸ ਮੌਕੇ ਏਮਜ਼ ਹਸਪਤਾਲ ਬਠਿੰਡਾ ਤੋਂ ਪਹੁੰਚੇ ਡਾ. ਹਰੀਸ਼ ਨੇ ਖ਼ੂਨਦਾਨੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨਦਾਨ ਇੱਕ ਮਹਾਨ ਸੇਵਾ ਹੈ, ਜਿਸ ਨਾਲ ਕਿਸੇ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਖ਼ੂਨ ਦੀ ਲੋੜ ਅਕਸਰ ਹਾਦਸਿਆਂ, ਗੰਭੀਰ ਬਿਮਾਰੀਆਂ ਅਤੇ ਸਰਜਰੀ ਦੌਰਾਨ ਪੈਂਦੀ ਹੈ। ਅਜਿਹੇ ਸਮੇਂ ਖ਼ੂਨਦਾਨੀਆਂ ਵੱਲੋਂ ਦਿੱਤਾ ਗਿਆ ਖ਼ੂਨ ਮਰੀਜ਼ਾਂ ਲਈ ਜੀਵਨਦਾਨ ਸਾਬਤ ਹੁੰਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਖ਼ੂਨਦਾਨ ਪ੍ਰਤੀ ਜਾਗਰੂਕ ਹੋਣ ਅਤੇ ਵੱਧ ਤੋਂ ਵੱਧ ਖ਼ੂਨਦਾਨ ਕਰਕੇ ਸਮਾਜ ਸੇਵਾ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਭਾਈ ਕਾਹਨ ਸਿੰਘ ਖਾਲਸਾ ਨੇ ਕੈਂਪ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਲੰਗਰ ਸੇਵਾ ਕਮੇਟੀ ਨੰਗਲਾ ਵੱਲੋਂ ਸਮੇਂ-ਸਮੇਂ ’ਤੇ ਲੋਕ ਭਲਾਈ ਦੇ ਕਾਰਜ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਖ਼ੂਨਦਾਨ ਸਭ ਤੋਂ ਉੱਤਮ ਦਾਨਾਂ ਵਿੱਚੋਂ ਇੱਕ ਹੈ, ਕਿਉਂਕਿ ਇਸ ਨਾਲ ਕਿਸੇ ਵਿਅਕਤੀ ਨੂੰ ਨਵੀਂ ਜ਼ਿੰਦਗੀ ਮਿਲ ਸਕਦੀ ਹੈ। ਉਨ੍ਹਾਂ ਕੈਂਪ ਨੂੰ ਸਫ਼ਲ ਬਣਾਉਣ ਲਈ ਖ਼ੂਨਦਾਨੀਆਂ ਵੱਲੋਂ ਦਿੱਤੇ ਸਹਿਯੋਗ ਦੀ ਸ਼ਲਾਘਾ ਕੀਤੀ। ਭਾਈ ਕਾਹਨ ਸਿੰਘ ਖਾਲਸਾ ਨੇ ਖ਼ੂਨਦਾਨ ਕਰਨ ਵਾਲੇ ਸਾਰੇ ਦਾਨੀਆਂ ਅਤੇ ਏਮਜ਼ ਹਸਪਤਾਲ ਬਠਿੰਡਾ ਦੀ ਮੈਡੀਕਲ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਖ਼ੂਨਦਾਨੀਆਂ ਅਤੇ ਡਾਕਟਰਾਂ ਦੀ ਟੀਮ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਵੀ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਬਿੱਟੂ ਸਿੰਘ, ਕਾਲਾ ਸਿੰਘ, ਗੁਰਚਰਨ ਸਿੰਘ, ਗੁਰਜੱਜ ਸਿੰਘ, ਪ੍ਰਕਾਸ਼ ਸਿੰਘ, ਡਾਕਟਰ ਸੁਖਦੀਪ ਸਿੰਘ, ਕੁਲਦੀਪ ਸਿੰਘ, ਬਸੰਤ ਸਿੰਘ, ਨਿਰਮਲ ਸਿੰਘ, ਜਗਪਾਲ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਵੱਲੋਂ ਸਹਿਯੋਗ ਦਿੱਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਸਟੇਟ ਅਤੇ ‘ਖੇਡਾਂ ਵਤਨ ਪੰਜਾਬ ਦੀਆਂ’ ਦੇ ਸੋਨ ਤਗਮਾ ਜੇਤੂ ਗਤਕਾ ਖਿਡਾਰੀ

ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ; ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੱਲੋਂ ਵਿਸ਼ੇਸ਼ ਸਨਮਾਨ



ਤਲਵੰਡੀ ਸਾਬੋ, 01 ਨਵੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਸਾਹਿਬ ਵੱਲੋਂ ਬਖ਼ਸ਼ਿਸ਼ ਮਾਰਸ਼ਲ ਆਰਟ ਗਤਕੇ ਦੇ ਮੈਦਾਨ ਵਿੱਚ ਪਿੰਡ ਮੱਲਵਾਲਾ ਦੇ ਹੋਣਹਾਰ ਭੁਜੰਗੀਆਂ ਅਤੇ ਬੱਚੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਲਾਕੇ ਅਤੇ ਕੌਮ ਦਾ ਨਾਮ ਰੌਸ਼ਨ ਕੀਤਾ ਹੈ। ਪੰਜਾਬ ਸਟੇਟ ਗਤਕਾ ਚੈਂਪੀਅਨਸ਼ਿਪ ਵਿੱਚੋਂ ਸਿਲਵਰ ਤਗ਼ਮਾ ਅਤੇ ‘ਖੇਡਾਂ ਵਤਨ ਪੰਜਾਬ ਦੀਆਂ’ ਤਹਿਤ ਜ਼ਿਲ੍ਹਾ ਪੱਧਰ ’ਤੇ ਗਤਕਾ ਮੁਕਾਬਲਿਆਂ ਵਿੱਚ ਸੋਨੇ ਦਾ ਤਗ਼ਮਾ ਜਿੱਤਣ ਵਾਲੇ ਪਿੰਡ ਮੱਲਵਾਲਾ ਦੇ ਲੜਕੇ ਅਤੇ ਲੜਕੀਆਂ ਅੱਜ ਗੁਰੂ ਘਰ ਦਾ ਸ਼ੁਕਰਾਨਾ ਕਰਨ ਲਈ ਚੌਥੇ ਤਖ਼ਤ, ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਪੂਰਨ ਸ਼ਰਧਾ ਸਹਿਤ ਨਤਮਸਤਕ ਹੋਏ। ਇਸ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਗਤਕੇ ਦੇ ਇਨ੍ਹਾਂ ਜੇਤੂ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਸਿੰਘ ਸਾਹਿਬ ਨੇ ਬੱਚਿਆਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਗਤਕਾ ਸਿਰਫ਼ ਇੱਕ ਖੇਡ ਨਹੀਂ, ਸਗੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਅਤੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਖ਼ਸ਼ਿਸ਼ ਕੀਤੀ ਗਈ ਮੀਰੀ-ਪੀਰੀ ਦੀ ਅਨਮੋਲ ਵਿਰਾਸਤ ਅਤੇ ਜੰਗਜੂ ਕਲਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਨੌਜਵਾਨ ਪੀੜ੍ਹੀ, ਖ਼ਾਸ ਕਰਕੇ ਲੜਕੀਆਂ ਵੱਲੋਂ ਸ਼ਸਤਰ ਵਿੱਦਿਆ ਗਤਕੇ ਵੱਲ ਪ੍ਰੇਰਿਤ ਹੋਣਾ ਬੇਹੱਦ ਫ਼ਖ਼ਰ ਵਾਲੀ ਗੱਲ ਹੈ। ਇਹ ਕਲਾ ਜਿੱਥੇ ਆਤਮ-ਰੱਖਿਆ ਅਤੇ ਅਨੁਸ਼ਾਸਨ ਸਿਖਾਉਂਦੀ ਹੈ, ਉੱਥੇ ਹੀ ਨੌਜਵਾਨਾਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜ ਕੇ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਵੀ ਦੂਰ ਰੱਖਦੀ ਹੈ। ਦੱਸਣਯੋਗ ਹੈ ਕਿ ਜ਼ਿਲ੍ਹਾ ਪੱਧਰ ’ਤੇ ਸੋਨ ਤਗ਼ਮਾ ਜਿੱਤਣ ਉਪਰੰਤ ਇਹ ਹੋਣਹਾਰ ਗਤਕਾ ਖਿਡਾਰੀ ਹੁਣ ਅਗਲੇ ਸਟੇਟ ਪੱਧਰੀ ਮੁਕਾਬਲਿਆਂ ਵਿੱਚ ਜੌਹਰ ਦਿਖਾਉਣ ਲਈ ਜਾ ਰਹੇ ਹਨ। ਸਿੰਘ ਸਾਹਿਬ ਗਿਆਨੀ ਟੇਕ ਸਿੰਘ ਨੇ ਖਿਡਾਰੀਆਂ, ਉਨ੍ਹਾਂ ਦੇ ਗਤਕਾ ਉਸਤਾਦਾਂ (ਕੋਚ ਸਾਹਿਬਾਨ) ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਆਉਣ ਵਾਲੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਵੀ ਮੋਹਰੀ ਰਹਿ ਕੇ ਜਿੱਤਾਂ ਦਰਜ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਜੇਤੂ ਗਤਕਾ ਦਲ ਅਤੇ ਉਨ੍ਹਾਂ ਦੇ ਪ੍ਰਬੰਧਕਾਂ ਨੇ ਤਖ਼ਤ ਸਾਹਿਬ ਵਿਖੇ ਮਿਲੇ ਸਤਿਕਾਰ ਲਈ ਸਿੰਘ ਸਾਹਿਬ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਪੰਥਕ ਵਿਰਾਸਤ ਨੂੰ ਖੇਡ ਜਗਤ ਵਿੱਚ ਉੱਚਾ ਚੁੱਕਣ ਦਾ ਅਹਿਦ ਲਿਆ। ਇਸ ਮੌਕੇ ਸ. ਨਰਿੰਦਰਜੀਤ ਸਿੰਘ ਮੈਨੇਜਰ ਤਖਤ ਸ੍ਰੀ ਦਮਦਮਾ ਸਾਹਿਬ, ਸ. ਭੋਲਾ ਸਿੰਘ ਇੰਚਾਰ ਸਬ ਆਫਿਸ ਧਰਮ ਪ੍ਰਚਾਰ ਕਮੇਟੀ, ਗਿਆਨੀ ਗੁਰਜੰਟ ਸਿੰਘ, ਸ. ਮੱਘਰ ਸਿੰਘ, ਸ. ਨਾਇਬ ਸਿੰਘ, ਸ. ਚਾਨਣ ਸਿੰਘ, ਸ. ਬੋਗਾ ਸਿੰਘ, ਸ. ਬਲਵਿੰਦਰ ਸਿੰਘ ਅਤੇ ਸ. ਪ੍ਰਗਟ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਵਿਧਾਨ ਸਭਾ ਚੋਣਾਂ-2027 ਲਈ ਸਿਆਸੀ ਸਰਗਰਮੀਆਂ ਸ਼ੁਰੂ

ਪੰਜਾਬ ਵਿਧਾਨ ਸਭਾ ਚੋਣਾਂ-2027 ਵਿਚ ਵੱਖ ਵੱਖ ਸਿਆਸੀ ਪਾਰਟੀਆਂ ਅਤੇ ਸਿਆਸੀ ਆਗੂਆਂ ਦੇ ਵੱਖਰੇ ਵੱਖਰੇ ਬਿਆਨ ਅਤੇ ਵੱਖਰੀ ਵਿਚਾਰਧਾਰਾ ਹੈ ਜਿਨ੍ਹਾਂ ਨੂੰ ਲੈ ਕੇ ਉਹ ਆਉਣ ਵਾਲੇ ਸਮੇਂ ਦੇ ਵਿਚ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਆਪਣੀ ਪਾਰਟੀ ਦੀਆਂ ਚੋਣਾਂ ਲੜਨਗੇ । ਇਸ ਸਬੰਧ ਦੇ ਵਿਚ ਭਾਰਤੀ ਜਨਤਾ ਪਾਰਟੀ ਦੇ ਆਗੂ ਅਤੇ ਕੌਮੀ ਸਕੱਤਰ ਇੰਚਾਰਜ ਪੰਜਾਬ ਡਾ: ਸਤੀਸ਼ ਪੂਨੀਆ ਨੇ ਸਪਸ਼ਟ ਕਰ ਦਿੱਤਾ ਕਿ ਪੰਜਾਬ ਵਿਚ ਵਿਧਾਨ ਸਭਾ ਚੋਣਾਂ 2027 ਵਿਚ ਪਾਰਟੀ ਸਾਰੀਆਂ 117 ਸੀਟਾਂ ਤੇ ਚੋਣ ਲੜੇਗੀ ।ਉਹ ਸੂਬੇ ਵਿਚ ਤਿੰਨ ਦਿਨਾਂ ਵਾਸਤੇ ਪ੍ਰਚਾਰ ਕਰਨ ਆਏ ਸਨ ।ਉਹਨਾਂ ਨੇ ਪਹਿਲੀ ਵਾਰ ਚੰਡੀਗੜ੍ਹ ਵਿਚ ਭਾਜਪਾ ਆਗੂਆਂ ਨਾਲ ਮੀਟਿੰਗ ਕੀਤੀ ਤੇ ਉਹਨਾਂ ਪ੍ਰੈੱਸ ਬਿਆਨ ਰਾਹੀਂ ਸਪੱਸ਼ਟ ਕੀਤਾ ਕਿ ਹਾਈਕਮਾਂਡ ਦੇ ਅਨੁਸਾਰ ਪਾਰਟੀ ਆਪਣੇ ਬਲਬੂਤੇ ਤੇ ਚੋਣਾਂ ਵਿਚ ਉਤਰੇਗੀ ਤੇ ਉਹਨਾਂ ਨੇ ਰਾਜ ਵਿਚ ਕਿਸੇ ਨਾਲ ਗੱਠ ਜੋੜ ਦੀਆਂ ਸਭਾਵਾਂਨਾਵਾਂ ਨੂੰ ਮੁੱਢੋ ਨਕਾਰ ਦਿੱਤਾ ।ਉਹਨਾਂ ਨੇ ਇਹ ਵੀ ਸਪਸ਼ਟ ਕਰ ਦਿੱਤਾ ਕਿ ਜੇਕਰ ਰਾਜ ਦੇ ਆਗੂ ਵੀ ਗਠਜੋੜ ਦੀ ਗੱਲ ਕਰਨਗੇ ਤਾਂ ਵੀ ਹਾਈ ਕਮਾਨ ਦੇ ਫ਼ੈਸਲੇ ਅਨੁਸਾਰ ਭਾਜਪਾ ਸਾਰੀਆਂ ਸੀਟਾਂ ਤੇ ਉਮੀਦਵਾਰ ਖੜਾ ਕਰਕੇ ਚੋਣਾਂ ਲੜੇਗੀ ।ਉਹਨਾਂ ਇਹ ਵੀ ਸਪਸ਼ਟ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਦੀਆਂ ਸਿਆਸੀ ਪਾਰਟੀਆਂ ਦੇ ਆਗੂ ਅਕਸਰ ਹੀ ਮਿਲਦੇ ਰਹਿੰਦੇ ਹਨ ਇਸ ਦਾ ਇਹ ਮਤਲਬ ਨਹੀਂ ਕਿ ਉਸ ਨੂੰ ਗੱਠਜੋੜ ਸਮਝ ਕੇ ਦੇਖਿਆ ਜਾਵੇ। ਕੋਈ ਵੀ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਮਿਲ ਸਕਦਾ ਹੈ ।



ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਅਕਾਲੀ ਦਲ (ਵਾਰਸ ਪੰਜਾਬ) ਦੀ ਪਾਰਟੀ ਨਾਲ ਭਾਜਪਾ ਦੀ ਸਿਆਸੀ ਸਾਂਝ ਦੀ ਗੱਲ ਨੂੰ ਉਹਨਾਂ ਨੇ ਨਕਾਰ ਦਿੱਤਾ । ਉਹਨਾਂ ਕਿਹਾ ਕਿ ਪਿਛਲੇ ਸਮੇਂ ਵਿਚ ਕੇਂਦਰ ਅਤੇ ਰਾਜਾਂ ਵਿਚ ਭਾਜਪਾ ਨੇ ਆਪਣਾ ਘੇਰਾ ਵਿਸ਼ਾਲ ਕਰ ਲਿਆ ਹੈ । ਪੰਜਾਬ ਵਿਚ ਆਪਣਾ ਪ੍ਰਭਾਵ ਬਣਾ ਲਿਆ ਹੈ। ਉਹ ਹਰ ਪੱਧਰ ਤੇ ਭਾਜਪਾ ਨੂੰ ਹੋਰ ਤਗੜਾ ਕਰਨ ਲਈ ਅੰਤਿਮ ਯੋਜਨਾ ਬਣਾ ਰਹੇ ਹਨ । ਖੇਤੀ ਕਨੂੰਨਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਭਾਰਤੀ ਜਨਤਾ ਪਾਰਟੀ ਤੋਂ ਕਿਨਾਰਾ ਕਰ ਲਿਆ ਸੀ ਤੇ ਉਹਨਾਂ ਵਿਚ ਕਾਫ਼ੀ ਲੰਬੇ ਸਮੇਂ ਤੋਂ ਦੂਰੀਆਂ ਹਨ । ਇਸੇ ਤਰ੍ਹਾਂ ਭਾਰਤੀ ਜਨਤਾ ਪਾਰਟੀ ਦੇ ਆਗੂ ਬੀ.ਐਲ. ਸੰਤੋਸ਼, ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋ ਨੇ ਵੀ ਇਸੇ ਤਰ੍ਹਾਂ ਦੇ ਬਿਆਨ ਦਿੱਤੇ । ਭਾਰਤੀ ਜਨਤਾ ਪਾਰਟੀ ਰਾਜ ਵਿਚ ਅਮਨ ਕਾਨੂੰਨ ਦੀ ਸਥਿਤੀ ਨੂੰ ਲੈ ਕੇ ਰਾਜ ਸਰਕਾਰ ਨੂੰ ਘੇਰ ਰਹੀ ਹੈ ਅਤੇ ਮੁਲਾਜ਼ਮ ਪੱਖੀ ਹੋ ਕੇ ਮਹਿੰਗਾਈ ਭੱਤੇ ਦੇ ਮੁੱਦਿਆਂ ਨੂੰ ਵੀ ਉਠਾ ਰਹੀ ਹੈ । ਭਾਜਪਾ ਦੇ ਆਗੂਆਂ ਨੇ ਕਿਹਾ ਕਿ ਸਰਕਾਰ ਜਿੱਥੇ ਵੀ ਹੈ ਉੱਥੇ ਜਨਤਾ ਖ਼ੁਸ਼ ਹੈ । ਬਾਕੀ ਕੁੱਝ ਕੁ ਮਹੀਨੇ ਰਹਿ ਗਏ ਹਨ ।

ਸੰਨ 2027 ਵਿਚ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਪਾਰਟੀ ਨੇ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ । ਕਾਂਗਰਸ ਪਾਰਟੀ ਨੇ ਪਾਰਟੀ ਚੋਣ ਮੈਨੀਫ਼ੈਸਟੋ ਤਿਆਰ ਕਰਨ ਲਈ ਕਾਂਗਰਸ ਆਗੂ ਅਮਰ ਸਿੰਘ, ਪ੍ਰਗਟ ਸਿੰਘ ਅਤੇ ਗੁਰਜੀਤ ਔਜਲਾ ਆਗੂਆਂ ਦੀ ਅਗਵਾਈ ਹੇਠ ਕਾਰਵਾਈ ਆਰੰਭ ਕਰ ਦਿੱਤੀ ਹੈ । ਕਾਂਗਰਸ ਪਾਰਟੀ ਦੀ ਰਾਏ ਹੈ ਕਿ ਮੈਨੀਫ਼ੈਸਟੋ ਆਮ ਜਨਤਾ, ਐਸੋਸੀਏਸ਼ਨਾਂ, ਬੁੱਧੀਜੀਵੀਆਂ ਅਤੇ ਸਿਵਲ ਸੁਸਾਇਟੀ ਦੇ ਸੁਝਾਵਾਂ ਨਾਲ ਤਿਆਰ ਕੀਤਾ ਜਾਵੇਗਾ ।ਸਾਰੇ ਸੂਬੇ ਵਿਚ ਚੱਕਰ ਲਾਉਣ ਤੋਂ ਬਾਅਦ ਹਰ ਵਰਗ ਦੀ ਸਲਾਹ ਲਈ ਜਾਵੇਗੀ । ਇਸ ਵਾਰ ਪਾਰਟੀ 60-70 ਨਵੇਂ ਚੇਹਰਿਆਂ ਨੂੰ ਵੀ ਮੌਕਾ ਦੇ ਸਕਦੀ ਹੈ । ਕਾਂਗਰਸ ਪ੍ਰਧਾਨ ਮਲਿਕਾ ਅਰਜਨ ਖੜਗੇ ਅਤੇ ਰਾਹੁਲ ਗਾਂਧੀ ਦੀ ਅਗਵਾਈ ਵਿਚ ਰਾਜ ਦੇ ਲੀਡਰਾਂ ਨਾਲ ਬੈਠਕਾਂ ਕਰਕੇ ਰਣਨੀਤੀ ਬਣਾਈ ਜਾ ਰਹੀ ਹੈ । ਪੰਜਾਬ ਸਰਕਾਰ ਭਵਿੱਖ ਇਮਾਨਦਾਰ ਅਤੇ ਪਾਰਦਰਸ਼ੀ ਸ਼ਾਸ਼ਨ ਦਾ ਹੱਕਦਾਰ ਹੈ । ਸੂਬੇ ਨੂੰ ਅਜਿਹੀ ਸਰਕਾਰ ਦੀ ਜਰੂਰਤ ਹੈ ਜਿਹੜੀ ਲੋਕਾਂ ਲਈ ਜਵਾਬਦੇਹ ਹੋਵੇ, ਵਿਕਾਸ ਕਾਰਜਾਂ ਨੂੰ ਪਹਿਲ ਦੇਵੇ ਅਤੇ ਲੋਕਾਂ ਦੀ ਆਵਾਜ਼ ਬਣੇ । ਕਾਂਗਰਸ ਪਾਰਟੀ ਰਾਜ ਦੇ ਲੋਕਾਂ ਪ੍ਰਤੀ ਆਪਣੀ ਜਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਾ, ਰਾਜ ਨੂੰ ਮੁੜ ਤਰੱਕੀ, ਖ਼ੁਸ਼ਹਾਲੀ ਅਤੇ ਭਰੋਸੇ ਦੇ ਰਾਹ ਤੇ ਲੈ ਕੇ ਜਾਣ ਲਈ ਦ੍ਰਿੜ ਹੋਵੇਗੀ ।

ਆਵਾਜ਼ਿ ਕੌਮ AWAZE QAUM International Newspaper & WEB TV

ਕਾਂਗਰਸ ਆਗੂ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਲਿਖਿਆ ਕਿ ਪੰਜਾਬ ਵਿਧਾਨ ਸਭਾ ਚੋਣਾਂ-2027 ਲਈ ਪੰਜਾਬ ਕਾਂਗਰਸ ਪੂਰੀ ਤਰ੍ਹਾਂ ਤਿਆਰ ਬਰ ਤਿਆਰ ਹੈ । ਪੰਜਾਬ ਇੱਕ ਬੇਹਤਰ ਦਾ ਹੱਕਦਾਰ ਹੈ। ਰਾਜ ਨੂੰ ਇਮਾਨਦਾਰ ਅਤੇ ਪਾਰਦਰਸ਼ੀ ਸ਼ਾਸਨ ਦੀ ਲੋੜ ਹੈ । ਕਾਂਗਰਸ ਪਾਰਟੀ ਨੇ 2027 ਵਿਚ ਚੋਣਾਂ ਵਿਚ ਕਾਂਗਰਸ ਦਾ ਝੰਡਾ ਲਹਿਰਾਉਣਗੇ । ਪਿਛਲੀ ਚੰਨੀ ਸਰਕਾਰ ਨੇ ਆਖਰੀ ਸਮੇਂ ਵਿਚ ਮੁਲਾਜ਼ਮਾਂ ਦਾ ਤਨਖਾਹ ਕਮਿਸ਼ਨ ਲਾਗੂ ਕੀਤਾ ਸੀ ਜਿਸ ਨਾਲ ਮੁਲਾਜ਼ਮਾਂ ਨੂੰ ਲੰਬੇ ਸਮੇਂ ਦੀ ਉਡੀਕ ਖਤਮ ਹੋਈ ਸੀ । ਉਹਨਾਂ ਨੇ ਥੋੜੇ ਜਿਹੇ ਸਮੇਂ ਵਿਚ ਰਾਜ ਲਈ ਵੱਡੇ ਐਲਾਨ ਕੀਤੇ।

ਸ਼੍ਰੋਮਣੀ ਅਕਾਲੀ ਦਲ ਨੇ 2027 ਵਿਧਾਨ ਸਭਾ ਚੋਣਾਂ ਲਈ ਰਣਨੀਤੀ ਤੇਜ਼ ਕਰ ਦਿੱਤੀ ਹੈ । ਸ਼੍ਰੋਮਣੀ ਅਕਾਲੀ ਦਲ ਵੱਲੋਂ ਰਣਨੀਤੀ ਅਨੁਸਾਰ ਵਰਕਰਾਂ ਨੂੰ ਮਿਲਣ ਅਤੇ ਚੋਣ ਮੈਨੀਫੈਸਟੋ ਤੇ ਕੰਮ ਕਰ ਰਹੀ ਹੈ । ਪਾਰਟੀ ਨੂੰ ਜ਼ਮੀਨੀ ਪੱਧਰ ਤੇ ਮਜਬੂਤ ਕਰਨ ਲਈ ਵੱਖ-ਵੱਖ ਇਲਾਕਿਆਂ ਵਿਚ ਵਰਕਰ ਮਿਲਣੀਆਂ ਦਾ ਸਿਲਸਿਲਾ ਰੈਲੀਆਂ ਦੌਰਾਨ ਕੀਤਾ ਜਾ ਰਿਹਾ ਹੈ । ਪਾਰਟੀ ਦਾ ਕਹਿਣਾ ਹੈ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਵਿਕਾਸ ਅਤੇ ਲੋਕ ਭਲਾਈ ਮੁੱਦਿਆਂ ਨੂੰ ਲੈ ਕੇ ਚੋਣ ਮੈਦਾਨ ਵਿਚ ਉਤਰੇਗੀ ਅਤੇ 2027 ਵਿਚ ਪਾਰਟੀ ਪੰਜਾਬ ਵਿਚ ਆਪਣੀ ਸਰਕਾਰ ਬਣਾਏਗੀ । ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ਼ਰਨਜੀਤ ਸਿੰਘ ਢਿੱਲੋ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੋਰ ਮਜਬੂਤ ਹੋਇਆ ਹੈ ਅਤੇ 2027 ਵਿਚ ਸ਼੍ਰੋਮਣੀ ਅਕਾਲੀ ਦਲ ਆਪਣੀ ਸਰਕਾਰ ਬਣਾਏਗਾ । ਸ਼੍ਰੋਮਣੀ ਅਕਾਲੀ ਦਲ ਨੂੰ ਖਤਮ ਕਰਨ ਲਈ ਏਜੰਸੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ । ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਵਿਚ ਵਾਧਾ ਕਰਦਿਆਂ ਅੱਠ ਜ਼ਿਲ੍ਹਿਆਂ ਦੀਆਂ ਪਾਰਟੀ ਦੀ ਜਨਰਲ ਕੌਂਸਲ ਮੈਂਬਰਾਂ ਦਾ ਐਲਾਨ ਕੀਤਾ । ਇਸ ਤਰ੍ਹਾਂ ਜਿੰਮੇਵਾਰੀ ਦੇ ਕੇ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ । ਹਲਕਿਆਂ ਵਿਚ ਰੈਲੀਆਂ ਕਰਕੇ ਲੋਕਾਂ ਨੂੰ ਸੱਚ ਦਾ ਸ਼ੀਸ਼ਾ ਦਿਖਾਇਆ ਜਾ ਰਿਹਾ ਹੈ । ਲੋਕ ਅੱਜ ਵੀ ਸਾਬਕਾ ਮੁੱਖ ਮੰਤਰੀ ਸਵਰਗਵਾਸੀ ਪ੍ਰਕਾਸ਼ ਸਿੰਘ ਬਾਦਲ ਦੇ ਕੀਤੇ ਕਾਰਜਾਂ ਨੂੰ ਯਾਦ ਕਰਦੇ ਹਨ । ਉਹ ਨਿਮਰਤਾ, ਪਿਆਰ ਅਤੇ ਸਾਦਗੀ ਵਰਗੇ ਗੁਣਾਂ ਨਾਲ ਭਰਪੂਰ ਸਨ ।

ਆਮ ਆਦਮੀ ਪਾਰਟੀ ਦਾ ਕਹਿਣਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਾਢੇ ਚਾਰ ਸਾਲ ਵਿਚ ਚੋਣਾਂ ਤੋਂ ਕੀਤੇ ਵਾਅਦਿਆਂ ਨੂੰ ਪੂਰਾ ਕਰ ਦਿੱਤਾ ਹੈ । ਆਪਣੀਆਂ ਸਾਰੀਆਂ ਕਹੀਆਂ ਗੱਲਾਂ ਨੂੰ ਪੁਗਾ ਦਿੱਤਾ ਹੈ ਜਿਸ ਕਰਕੇ ਰਾਜ ਦੇ ਲੋਕ ਆਮ ਆਦਮੀ ਪਾਰਟੀ ਦੀ ਕਾਰਗੁਜਾਰੀ ਤੋਂ ਖ਼ੁਸ਼ ਅਤੇ ਸੰਤੁਸ਼ਟ ਹਨ । ਅੱਜ ਵੀ ਜਨਤਾ ਆਮ ਆਦਮੀ ਪਾਰਟੀ ਦੇ ਨਾਲ ਡਟ ਕੇ ਖੜੀ ਹੈ । ਆਮ ਆਦਮੀ ਪਾਰਟੀ ਨੇ ਆਪਣੀਆਂ ਸਿਆਸੀ ਸਰਗਰਮੀਆਂ ਅੱਗੇ ਨਾਲੋਂ ਵਧਾ ਦਿੱਤੀਆਂ ਹਨ ਤੇ ਹੁਣ ਲੋਕ ਮਿਲਣੀ ਸ਼ੁਰੂ ਕਰ ਦਿੱਤੀਆਂ ਹਨ । ਇਸ ਵਿਚ ਕੋਈ ਸ਼ੱਕ ਨਹੀਂ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿਧਾਨ ਸਭਾ ਚੋਣਾਂ 2027 ਲਈ ਪੂਰੀ ਤਰ੍ਹਾਂ ਤਿਆਰ ਕਰ ਲਿਆ ਹੈ । ਮੁੱਖ ਮੰਤਰੀ ਦਾ ਕਹਿਣਾ ਹੈ ਕਿ ਪੰਜਾਬ ਦੇ ਲੋਕਾਂ ਨੇ 2027 ਚੋਣਾਂ ਵਿਚ ਆਮ ਆਦਮੀ ਪਾਰਟੀ ਦੀ ਮੁੜ ਸਰਕਾਰ ਬਣਾਉਣ ਦਾ ਮਨ ਬਣਾ ਲਿਆ ਹੈ ਅਤੇ ਸਰਕਾਰ ਦੇ ਲੋਕ ਪੱਖੀ ਕਾਰਜਾਂ ਨੂੰ ਭਰਮਾ ਹੁੰਗਾਰਾ ਮਿਲ ਰਿਹਾ ਹੈ । ਸਰਕਾਰ ਦੇ ਇਸ ਭਲਾਈ ਕਾਰਜਾਂ ਨੇ ਜ਼ਮੀਨੀ ਪੱਧਰ ਤੇ ਬਹੁਤ ਵੱਡਾ ਬਦਲਾਅ ਲਿਆਂਦਾ ਹੈ । ਅਸੀਂ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਰੰਗਲਾ ਪੰਜਾਬ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ । ਵਿਰੋਧੀ ਪਾਰਟੀਆਂ ਲਾੜੇ ਤੋਂ ਬਿਨ੍ਹਾਂ ਜੰਞ ਵਾਂਗ ਹਨ ਹਾਲਾਂਕਿ ਇਹ ਸੱਤਾ ਲਈ ਲੜ ਰਹੇ ਹਨ । ਸ਼੍ਰੋਮਣੀ ਅਕਾਲੀ ਦਲ ਪਹਿਲਾਂ ਹੀ ਕਈ ਧੜਿਆਂ ਵਿਚ ਵੰਡਿਆ ਜਾ ਚੁੱਕਾ ਹੈ । ਸੱਤਾ ਦੇ ਭੁੱਖੇ ਲੋਕ ਸਿਰਫ਼ ਸੂਬੇ ਦੀ ਦੌਲਤ ਲੁੱਟਣ ਲਈ ਸੱਤਾ ਹਥਿਆਣਾ ਚਾਹੁੰਦੇ ਹਨ । ਸਰਕਾਰੀ ਖਜ਼ਾਨੇ ਦਾ ਇੱਕ ਇੱਕ ਪੈਸਾ ਲੋਕਾਂ ਦੀ ਭਲਾਈ ਲਈ ਇਮਾਨਦਾਰੀ ਨਾਲ ਖਰਚ ਕੀਤਾ ਜਾ ਰਿਹਾ ਹੈ । ਪੰਜਾਬ ਦੇ 90 ਪ੍ਰਤੀਸ਼ਤ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਤੇ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ । ਵਿਰੋਧੀ ਧਿਰਾਂ ਆਖਰੀ ਸਾਹਾਂ ਤੇ ਹਨ ਤੇ ਬਹੁਤ ਛੇਤੀ ਖਤਮ ਹੋ ਜਾਣਗੇ । ਵਿਰੋਧੀ ਧਿਰਾਂ ਦਾ ਖਿੰਡਰਿਆ ਹੋਇਆ ਘਰ ਹੈ । ਇਹ ਅੰਦਰੂਨੀ ਲੜਾਈਆਂ ਨਾਲ ਢਹਿ ਢੇਰੀ ਹੋ ਜਾਵੇਗਾ । ਉਹਨਾਂ ਇੱਕ ਵਾਰ ਕਿਹਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਟੋਲ ਪਲਾਜੇ ਬੰਦ ਕਰ ਦਿੱਤੇ ਹਨ ਜਿਸ ਨਾਲ ਲੋਕਾਂ ਦੇ ਲੱਖਾਂ ਰੁਪਏ ਬਚ ਰਹੇ ਹਨ ।

ਸਰਕਾਰ ਦੇ ਆਖ਼ਰੀ ਕੁੱਝ ਮਹੀਨਿਆਂ ਵਿਚ ਸਰਕਾਰ ਅਤੇ ਮੁਲਾਜ਼ਮਾਂ ਵਿਚਾਲੇ ਤਲਖ਼ੀ ਵਧ ਗਈ ਹੈ । ਸਰਕਾਰ ਮੁਲਾਜ਼ਮ ਮੰਗਾਂ ਨੂੰ ਲਾਗੂ ਕਰਨ ਤੋਂ ਕਿਨਾਰਾ ਵੱਟ ਰਹੀ ਹੈ ਅਤੇ ਮੁਲਾਜ਼ਮ ਰੈਲੀਆਂ ਮੁਜ਼ਾਹਰਿਆਂ ਨੂੰ ਸਮਰਪਿਤ ਹਨ । ਅੱਜ ਸੂਬੇ ਵਿਚ ਆਈ.ਟੀ. ਸੋਸ਼ਲ ਮੀਡੀਆ ਪੂਰੀ ਤਰ੍ਹਾਂ ਸਰਗਰਮ ਹੈ ।

-ਪ੍ਰਿੰਸੀਪਲ ਜਸਪਾਲ ਸਿੰਘ ਲੋਹਾਮ

ਹਠੂਰ ਦੀ ਦਾਣਾ ਮੰਡੀ ਨੱਕੋ-ਨੱਕ ਭਰੀ ਹੋਣ ਕਾਰਨ

ਕਿਸਾਨਾਂ ਤੇ ਆੜਤੀਆਂ ਦੀ ਵੱਡੀ ਸਮੱਸਿਆ ਦਾ ਚੇਅਰਮੈਨ ਨੇ ਕੀਤਾ ਹੱਲ





ਹਠੂਰ/ਜਗਰਾਉਂ-(ਵਰਿਆਮ ਹਠੂਰ)ਇਤਿਹਾਸਕ ਕਸਬਾ ਹਠੂਰ ਦੀ ਦਾਣਾ ਮੰਡੀ ਵਿੱਚ ਕਿਸਾਨਾਂ ਤੇ ਆੜਤੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਕਾਰਨ ਕਿਸਾਨ ਤੇ ਆੜਤੀਏ ਮਾਰਕਿਟ ਕਮੇਟੀ ਹਠੂਰ ਅੱਗੇ ਇਕੱਠੇ ਹੋਏ ਤੇ ਆ ਰਹੀਆਂ ਸਮੱਸਿਆਵਾਂ ਬਾਰੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕੀਤੀ, ਗੱਲਬਾਤ ਕਰਦਿਆਂ ਆੜਤੀਆ ਪ੍ਰਧਾਨ ਰਜੇਸ਼ ਕੁਮਾਰ ਸੋਨਾ, ਆੜਤੀਆ ਭੂਸ਼ਨ ਕੁਮਾਰ, ਆੜਤੀਆ ਜਗਦੇਵ ਸਿੰਘ ਬੱਬੂ ਗਰੇਵਾਲ, ਆੜਤੀਆ ਜਿੰਮੀ, ਆੜਤੀਆ ਅਵਤਾਰ ਸਿੰਘ ਕਲੇਰ, ਅਮਿਤ ਗੋਇਲ ਮੋਨਾ, ਆੜਤੀਆ ਮਨੀ ਬੇਦੀ, ਸਮੇਤ ਹੋਰ ਆੜਤੀਏ ਅਤੇ ਕਿਸਾਨਾਂ ਨੇ ਕਿਹਾ ਕਿ ਹਠੂਰ ਦਾਣਾ ਮੰਡੀ ਨੱਕੋ-ਨੱਕ ਭਰੀ ਹੋਣ ਕਾਰਨ ਝੋਨੇ ਦੀਆਂ ਟਰਾਲੀਆਂ ਲਾਉਣ ਲਈ ਜਗ੍ਹਾ ਨਹੀਂ ਹੈ। ਤੇ ਦਾਣਾ ਮੰਡੀ ਭਰੀਆਂ ਹੋਈਆਂ ਬੋਰੀਆਂ ਨਾਲ ਰੁਕੀ ਹੋਈ ਹੈ। ਤੇ ਕਿਸਾਨ ਆਪਣੀ ਪੁੱਤਾਂ ਵਾਂਗ ਪਾਲੀ ਹੋਈ ਫ਼ਸਲ ਨੂੰ ਕਿੱਥੇ ਉਤਾਰਨ, ਜੇ ਵੱਧ ਤੋਂ ਵੱਧ ਲਿਫਟਿੰਗ ਹੋਵੇਗੀ ਫਿਰ ਹੀ ਫਸਲ ਉਤਾਰਨ ਲਈ ਜਗ੍ਹਾ ਬਣ ਸਕੇਗੀ। ਕਿਸਾਨਾਂ ਤੇ ਆੜਤੀਆਂ ਦੀ ਗੱਲਬਾਤ ਸੁਣਨ ਲਈ ਵਿਸ਼ੇਸ਼ ਤੌਰ ਤੇ ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ ਪਹੁੰਚੇ ਤੇ ਉਨ੍ਹਾਂ ਨੇ ਸੈਕਟਰੀ ਸਾਹਿਬ ਦੀ ਹਾਜਰੀ ਵਿੱਚ ਆੜਤੀਆਂ ਅਤੇ ਕਿਸਾਨਾਂ ਨੂੰ ਬਿਠਾ ਕੇ ਸਮੱਸਿਆਵਾਂ ਦੇ ਹੱਲ ਲਈ ਭਰੋਸਾ ਦਿੱਤਾ, ਇਸ ਮੌਕੇ ਗੱਲਬਾਤ ਕਰਦਿਆਂ ਮਾਰਕਿਟ ਕਮੇਟੀ ਹਠੂਰ ਦੇ ਚੇਅਰਮੈਨ ਕਰਮਜੀਤ ਸਿੰਘ ਕੰਮੀ ਡੱਲਾ ਨੇ ਕਿਹਾ ਕਿ ਜੋ ਕਿਸਾਨਾਂ ਅਤੇ ਆੜਤੀਆਂ ਨੂੰ ਮੁਸ਼ਕਿਲਾਂ ਆਈਆਂ ਉਸ ਦਾ ਮੁੱਖ ਕਾਰਨ ਸੈਂਟਰ ਗੌਰਮਿੰਟ ਵੱਲੋਂ ਲਗਾਈਆਂ ਤਿੰਨ ਸਪੈਸ਼ਲਾਂ ਹਨ। ਤੇ ਸਪੈਸ਼ਲਾਂ ਚਲਦੇ ਸੀਜਨ ਵਿੱਚ ਲੱਗਣ ਕਾਰਨ ਲਿਫਟਿੰਗ ਦੀ ਥੋੜੀ ਸਮੱਸਿਆ ਜਰੂਰ ਆਈ ਹੈ। ਪਰ ਲੋਡਿੰਗ ਦਾ ਕੰਮ ਚੱਲ ਰਿਹਾ ਹੈ। ਤੇ ਕੱਲ ਤੋਂ ਕਿਸੇ ਵੀ ਕਿਸਮ ਦੀ ਸਮੱਸਿਆ ਦਾ ਕਿਸਾਨਾਂ ਅਤੇ ਆੜਤੀਆਂ ਨੂੰ ਸਾਹਮਣਾ ਨਹੀਂ ਕਰਨਾ ਪਵੇਗਾ। ਤੇ ਜਿਸ ਤਰ੍ਹਾਂ ਵੀ ਮਰਜੀ ਜਗ੍ਹਾ ਦਾ ਹੱਲ ਕਰੀਏ ਕਿਸਾਨਾਂ ਨੂੰ ਫਸਲ ਲਾਉਣ ਲਈ ਮੁਸ਼ਕਿਲ ਨਹੀਂ ਆਵੇਗੀ। ਸਿਰਫ ਸਪੈਸ਼ਲਾਂ ਲੱਗਣ ਕਾਰਨ ਹੀ ਥੋੜੀ ਬਹੁਤੀ ਮੁਸ਼ਕਿਲ ਆਈ ਹੈ। ਜੇ ਗੱਲ ਕਰੀਏ ਤਾਂ ਹਠੂਰ ਮੰਡੀ ਵਧੀਆ ਢੰਗ ਨਾਲ ਚੱਲ ਰਹੀ ਹੈ। ਇਸ ਮੌਕੇ ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਸਮੇਤ ਹੋਰ ਇਕੱਤਰ ਕਿਸਾਨਾਂ ਅਤੇ ਆੜਤੀਆਂ ਨੇ ਮੁਸ਼ਕਿਲਾਂ ਦੇ ਹੱਲ ਲਈ ਚੇਅਰਮੈਨ ਕਰਮਜੀਤ ਸਿੰਘ ਡੱਲਾ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਇਸ ਮੌਕੇ ਸਮੂਹ ਆੜਤੀਏ ਅਤੇ ਕਿਸਾਨ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਕਿਸਾਨਾਂ ਤੇ ਆੜਤੀਆਂ ਨੂੰ ਕਿਸੇ ਵੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ -(ਚੇਅਰਮੈਨ ਕਰਮਜੀਤ ਸਿੰਘ ਡੱਲਾ)

ਭਾਈ ਪਰਗਟ ਸਿੰਘ ਬੱਬਰ ਦੇ ਪਿਤਾ ਸ.ਬਲਵਿੰਦਰ ਸਿੰਘ ਦੀ ਹੋਈ ਅਚਨਚੇਤ ਮੌਤ ਤੇ ਬੱਬਰ ਖਾਲਸਾ ਜਰਮਨੀ ਦੇ ਸਿੰਘਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



ਨਵੀਂ ਦਿੱਲੀ, 1 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਜਰਮਨੀ ਵਿੱਚ ਜਲਾਵਤਨੀ ਦੀ ਜ਼ਿੰਦਗੀ ਬਸਰ ਕਰ ਰਹੇ ਭਾਈ ਪਰਗਟ ਸਿੰਘ ਬੱਬਰ ਦੇ ਪਿਤਾ ਸ. ਬਲਵਿੰਦਰ ਸਿੰਘ 28 ਅਕਤੂਬਰ 2026, ਦਿਨ ਬੁੱਧਵਾਰ ਨੂੰ ਅਚਨਚੇਤ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ। ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸ. ਬਲਵਿੰਦਰ ਸਿੰਘ ਨੂੰ ਆਪਣੇ ਪੁੱਤਰ ਨਾਲ ਮੁੜ ਮਿਲਣ ਦੀ ਤਾਂਘ ਆਖਰੀ ਸਮੇਂ ਤੱਕ ਸਤਾਉਂਦੀ ਰਹੀ। ਦੱਸਿਆ ਗਿਆ ਹੈ ਕਿ ਯਾਦਾਸ਼ਤ ਚਲੇ ਜਾਣ ਦੇ ਬਾਵਜੂਦ ਵੀ ਉਹ ਵਾਰ-ਵਾਰ ਆਪਣੇ ਪੁੱਤਰ ਨੂੰ ਮਿਲਣ ਦੀ ਇੱਛਾ ਜ਼ਾਹਰ ਕਰਦੇ ਸਨ। ਜਦੋਂ ਉਨ੍ਹਾਂ ਦੀ ਧੀ ਵੱਲੋਂ ਦੱਸਿਆ ਗਿਆ ਕਿ ਪਰਗਟ ਸਿੰਘ ਇਸ ਵੇਲੇ ਨਹੀਂ ਆ ਸਕਦਾ ਤਾਂ ਉਸੇ ਸਮੇਂ ਉਨ੍ਹਾਂ ਨੇ ਆਖਰੀ ਸਾਹ ਲਿਆ। ਪਰਿਵਾਰਕ ਸੂਤਰਾਂ ਅਨੁਸਾਰ ਭਾਈ ਪਰਗਟ ਸਿੰਘ 'ਤੇ ਹੋਏ ਪੁਲਿਸ ਤਸ਼ੱਦਦ ਅਤੇ ਉਸ ਕਾਰਨ ਉਨ੍ਹਾਂ ਦੀ ਸਰੀਰਕ ਹਾਲਤ 'ਤੇ ਪਏ ਮਾੜੇ ਪ੍ਰਭਾਵ ਨੇ ਸ. ਬਲਵਿੰਦਰ ਸਿੰਘ ਦੇ ਮਨ 'ਤੇ ਡੂੰਘਾ ਅਸਰ ਪਾਇਆ ਸੀ। ਪੁੱਤਰ ਦੇ ਜਲਾਵਤਨੀ ਵਿੱਚ ਰਹਿਣ ਦੌਰਾਨ ਪਰਿਵਾਰ ਨੂੰ ਪੁਲਿਸੀ ਤਸ਼ੱਦਦ ਅਤੇ ਦਬਾਅ ਦਾ ਸਾਹਮਣਾ ਵੀ ਕਰਨਾ ਪਿਆ। ਪੁੱਤਰ ਦੇ ਵਿਦੇਸ਼ ਵਿੱਚ ਹੋਣ ਕਾਰਨ ਪਿਤਾ ਆਪਣੇ ਜੀਵਨ ਦੇ ਆਖਰੀ ਪਲਾਂ ਵਿੱਚ ਉਸ ਨੂੰ ਮਿਲ ਨਹੀਂ ਸਕੇ ਅਤੇ ਨਾ ਹੀ ਪੁੱਤਰ ਆਪਣੇ ਪਿਤਾ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਹੋ ਸਕੇ। ਇਹ ਵਿਛੋੜਾ ਉਸ ਪਰਿਵਾਰ ਲਈ ਅਜਿਹਾ ਦਰਦ ਬਣ ਗਿਆ ਹੈ ਜਿਸ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੈ। ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਦਲਜੀਤ ਸਿੰਘ ਕਸ਼ਮੀਰ ਬੱਬਰ ਅਤੇ ਭਾਈ ਬਲਜਿੰਦਰ ਸਿੰਘ ਬੱਬਰ ਨੇ ਸ. ਬਲਵਿੰਦਰ ਸਿੰਘ ਦੇ ਅਕਾਲ ਚਲਾਣੇ 'ਤੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਵਿਛੋੜੇ ਦਾ ਇਹ ਦੁੱਖ ਪਰਿਵਾਰ ਲਈ ਬੇਹੱਦ ਗਹਿਰਾ ਹੈ ਅਤੇ ਸਮੁੱਚੀ ਸੰਗਤ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹੀ ਹੈ। ਸ. ਬਲਵਿੰਦਰ ਸਿੰਘ ਦੀ ਅੰਤਿਮ ਅਰਦਾਸ 7 ਨਵੰਬਰ 2026, ਦਿਨ ਸ਼ਨੀਵਾਰ, ਦੁਪਹਿਰ 12 ਵਜੇ, ਗੁਰਦੁਆਰਾ ਭਾਈ ਤ੍ਰਿਪਤਾ ਜੀ, ਜੋਤੀ ਨਗਰ, ਕਰਨਾਲ-ਕੈਥਲ ਰੋਡ ਵਿਖੇ ਹੋਵੇਗੀ। ਬੱਬਰ ਖਾਲਸਾ ਜਰਮਨੀ ਦੇ ਸਿੰਘਾਂ ਨੇ ਇਲਾਕੇ ਦੀਆਂ ਸੰਗਤਾਂ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਨੂੰ ਸ਼ਰਧਾ ਅਰਪਿਤ ਕਰਨ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਅਰਦਾਸ ਕੀਤੀ ਕਿ ਵਾਹਿਗੁਰੂ ਸ. ਬਲਵਿੰਦਰ ਸਿੰਘ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

ਪਿੰਡ ਧਿਆਨਪੁਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਪਹਿਲੀ ਬੱਸ ਸ੍ਰੀ ਅਨੰਦਪੁਰ ਸਾਹਿਬ ਲਈ ਰਵਾਨਾ



ਜੰਡਿਆਲਾ ਗੁਰੂ 1 ਨਵੰਬਰ (ਕੁਲਵੰਤ ਸਿੰਘ ਵਿਰਦੀ)-ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਲਈ ਸ਼ੁਰੂ ਕੀਤੀ ਗਈ ਮਹੱਤਵਪੂਰਨ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਦੇ ਪਿੰਡ ਧਿਆਨਪੁਰ ਵਿਖੇ ਅੱਜ ਧਾਰਮਿਕ ਯਾਤਰਾ ਦੀ ਪਹਿਲੀ ਬੱਸ ਨੂੰ ਪੂਰੇ ਉਤਸ਼ਾਹ ਨਾਲ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਪਿੰਡ ਦੀ ਸਮੂਹ ਸੰਗਤ ਵੱਲੋਂ ਅਰਦਾਸ ਕੀਤੀ ਗਈ ਅਤੇ ਮੈਂਬਰ ਮੰਗਲ ਸਿੰਘ ਸਮੇਤ ਹੋਰ ਪਤਵੰਤਿਆਂ ਨੇ ਬੱਸ ਨੂੰ ਰਵਾਨਾ ਕੀਤਾ। ਇਸ ਮੁਫ਼ਤ ਬੱਸ ਰਾਹੀਂ ਇਲਾਕੇ ਦੀ ਸੰਗਤ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਵਾਏ ਜਾਣਗੇ।ਸਰਕਾਰ ਵੱਲੋਂ ਮੁਫ਼ਤ ਅਤੇ ਵਿਸ਼ੇਸ਼ ਪ੍ਰਬੰਧ ਇਸ ਮੌਕੇ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ ਇਹ ਯੋਜਨਾ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਇਹ ਤੀਰਥ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ, ਵਾਪਸ ਲਿਆਉਣ, ਅਤੇ ਉੱਥੇ ਰਹਿਣ-ਸਹਿਣ ਸਮੇਤ ਸਾਰੇ ਲੋੜੀਂਦੇ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਖ਼ੁਦ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਆਸਥਾ ਅਨੁਸਾਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਸਕਣ।ਸੰਗਤ ਵਿੱਚ ਭਾਰੀ ਉਤਸ਼ਾਹ

ਤੀਰਥ ਯਾਤਰਾ 'ਤੇ ਜਾਣ ਵਾਲੇ ਯਾਤਰੂਆਂ ਅਤੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਸਾਰੂ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸੂਬਾ ਵਾਸੀ ਇਸ ਯੋਜਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਅਤੇ ਖ਼ੁਸ਼ ਹਨ।ਹਾਜ਼ਰੀਨ ਸੱਜਣ ਇਸ ਮੌਕੇ ਮੰਗਲ ਸਿੰਘ, ਵੀਰ ਸਿੰਘ, ਬਲਜੀਤ ਸਿੰਘ, ਗੁਰਜੀਤ ਸਿੰਘ, ਜਗਤਾਰ ਸਿੰਘ, ਬਲਬੀਰ ਸਿੰਘ, ਅਜਾਇਬ ਸਿੰਘ, ਇੰਦਰਬੀਰ ਸਿੰਘ, ਜਥੇਦਾਰ ਗਿਆਨ ਸਿੰਘ, ਕਾਲਾ ਸਿੰਘ, ਰਾਜਵਿੰਦਰ ਕੌਰ, ਸੁਰਜੀਤ ਸਿੰਘ, ਸੁਰਿੰਦਰ ਕੌਰ ਅਤੇ ਅਮਨਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਦੇ ਪਤਵੰਤੇ ਅਤੇ ਸੰਗਤ ਹਾਜ਼ਰ ਸੀ।

ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ

ਐਸ.ਡੀ.ਐਮ. ਦਫ਼ਤਰ ਵਿਖੇ ਹੋਈ ਮੀਟਿੰਗ

ਬੁਢਲਾਡਾ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)- ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਐਸ.ਡੀ.ਐਮ. ਦਫ਼ਤਰ ਬੁਢਲਾਡਾ ਵਿਖੇ ਇੱਕ ਅਹਿਮ ਮੀਟਿੰਗ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਅਤੇ ਐਸ.ਡੀ.ਐਮ.ਗੁਰਮੀਤ ਕੁਮਾਰ ਵੱਲੋਂ ਕੀਤੀ ਗਈ। ਮੀਟਿੰਗ ਵਿੱਚ ਬੁਢਲਾਡਾ, ਬੋਹਾ ਅਤੇ ਬਰੇਟਾ ਤਿੰਨਾਂ ਮਾਰਕੀਟ ਕਮੇਟੀਆਂ ਦੇ ਚੇਅਰਮੈਨ, ਆੜ੍ਹਤੀ ਐਸੋਸੀਏਸ਼ਨਾਂ ਦੇ ਪ੍ਰਧਾਨ ਅਤੇ ਹੋਰ ਆੜ੍ਹਤੀ ਸਾਹਿਬਾਨ, ਝੋਨੇ ਦੀ ਖਰੀਦ ਕਰਨ ਵਾਲੀਆਂ ਵੱਖ-ਵੱਖ ਖਰੀਦ ਏਜੰਸੀਆਂ ਦੇ ਇੰਸਪੈਕਟਰ ਅਤੇ ਟਰਾਂਸਪੋਰਟਰ ਸ਼ਾਮਲ ਹੋਏ। ਮੀਟਿੰਗ ਦੌਰਾਨ ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਕੋਲੋਂ ਝੋਨੇ ਦੀ ਖਰੀਦ ਸਮੇਂ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਲਈ ਗਈ। ਕਿਸਾਨਾਂ ਅਤੇ ਆੜ੍ਹਤੀਆਂ ਵੱਲੋਂ ਮੁੱਖ ਤੌਰ 'ਤੇ ਝੋਨੇ ਦੀ ਲਿਫਟਿੰਗ ਵਿੱਚ ਦੇਰੀ, ਬਾਰਦਾਨੇ ਦੀ ਘਾਟ ਅਤੇ ਝੋਨੇ ਵਿੱਚ ਨਮੀ ਦੀ ਮਾਤਰਾ ਸਬੰਧੀ ਸਮੱਸਿਆਵਾਂ ਬਾਰੇ ਧਿਆਨ ਦਿਵਾਇਆ ਗਿਆ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਨਿਰਧਾਰਤ ਨਮੀ ਕਾਰਨ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਪ੍ਰਿੰਸੀਪਲ ਬੁੱਧਰਾਮ ਅਤੇ ਐਸ.ਡੀ.ਐਮ.ਗੁਰਮੀਤ ਕੁਮਾਰ ਨੇ ਸਬੰਧਤ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਝੋਨੇ ਦੀ ਖਰੀਦ ਵਿੱਚ ਕਿਸੇ ਵੀ ਕਿਸਮ ਦੀ ਰੁਕਾਵਟ ਜਾਂ ਸਮੱਸਿਆ ਪੈਦਾ ਨਹੀਂ ਹੋਣੀ ਚਾਹੀਦੀ। ਕਿਸਾਨਾਂ, ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਨਾਲ ਲਗਾਤਾਰ ਤਾਲਮੇਲ ਬਣਾਈ ਰੱਖਿਆ ਜਾਵੇ ਅਤੇ ਲਿਫਟਿੰਗ ਅਤੇ ਬਾਰਦਾਨੇ ਨੂੰ ਸਮੇਂ ਸਿਰ ਆੜ੍ਹਤੀਆਂ ਕੋਲ ਪਹੁੰਚਾਉਣਾ ਮਹਿਕਮੇ ਦੇ ਕਰਮਚਾਰੀਆਂ ਦਾ ਕੰਮ ਹੈ। ਹੋਰ ਵੀ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਆਪਾਂ ਸਾਰਿਆਂ ਨੇ ਰਲ ਮਿਲ ਕੇ ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ਼ ਨੇਪਰੇ ਚਾੜਨਾ ਹੈ , ਮੈਂ ਅਤੇ ਮੇਰੇ ਚੇਅਰਮੈਨ ਅਸੀ ਹਰ ਸਮੇ ਤੁਹਾਡੇ ਨਾਲ ਹਾਂ, ਕੋਈ ਵੀ ਸਮੱਸਿਆ ਹੋਵੇ , ਮੈਰੇ ਨੋਟਿਸ ਵਿੱਚ ਲਿਆਂਦੀ ਜਾਵੇ ਮੈ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਹੱਲ ਕਰੂੰਗਾ । ਇਸ ਮੌਕੇ ਚੈਅਰਮੈਨ ਸ੍ਰੀ ਸਤੀਸ਼ ਸਿੰਗਲਾ , ਚੈਆਰਮੈਨ ਕੇਵਲ ਸ਼ਰਮਾ, ਚੈਅਰਮੈਨ ਰਣਜੀਤ ਫਰੀਦ ਕੇ , ਸ਼ੈਟੀ , ਪ੍ਰਵੀਨ ਕੁਮਾਰ ਤੋਂ ਇਲਾਵਾ ਖਰੀਦ ਏਜੰਸੀਆਂ ਜਸਵੀਰ ਸਿਘ ਤੋਂ ਇਲਾਵਾ ਹੋਰ ਵੀ ਮੈਮੁਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਮੱਤੇਵਾਲ ਵਿਖੇ ਕੁਦਰਤੀ ਖੇਤੀ ਸਬੰਧੀ

ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ



ਜੰਡਿਆਲਾ ਗੁਰੂ, 1 ਨਵੰਬਰ (ਕੁਲਵੰਤ ਸਿੰਘ ਵਿਰਦੀ)-ਖੇਤੀਬਾੜੀ ਵਿਭਾਗ ਬਲਾਕ ਤਰਸਿੱਕਾ ਵੱਲੋਂ ਪੰਜਾਬ ਐਗਰੋ ਦੇ ਸਹਿਯੋਗ ਨਾਲ ਪਿੰਡ ਮੱਤੇਵਾਲ ਵਿਖੇ ਬੀਤੇ ਦਿਨ ਕੁਦਰਤੀ ਖੇਤੀ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਖੇਤੀਬਾੜੀ ਵਿਭਾਗ ਬਲਾਕ ਤਰਸਿੱਕਾ ਤੋਂ ਡਾ. ਸਤਵਿੰਦਰਬੀਰ ਸਿੰਘ, ਡਾ.ਹਰਉਪਿੰਦਰਜੀਤ ਸਿੰਘ, ਡਾ. ਹਰਮਨਦੀਪ ਸਿੰਘ ਬਾਠ, ਡੀ.ਪੀ.ਡੀ. ਹਰਨੇਕ ਸਿੰਘ , 2“$ ਬਲਜਿੰਦਰ ਸਿੰਘ ਅਤੇ ਵਿਭਾਗ ਦੇ ਹੋਰ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਡਾ.ਸਤਵਿੰਦਰਬੀਰ ਸਿੰਘ ਨੇ ਹਾਜ਼ਰ ਕਿਸਾਨ ਵੀਰਾਂ ਨਾਲ ਕੁਦਰਤੀ ਖੇਤੀ ਸਬੰਧੀ ਅਹਿਮ ਨੁਕਤੇ ਸਾਂਝੇ ਕੀਤੇ ਅਤੇ ਕੁਦਰਤੀ ਖੇਤੀ ਕਰਨ ਦੇ ਵੱਖ-ਵੱਖ ਫਾਇਦਿਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਸਾਨਾਂ ਨੂੰ ਕੁਦਰਤੀ ਖੇਤੀ ਦੇ ਤਰੀਕੇ ਅਪਣਾਉਣ, ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ, ਖੇਤੀ ਖਰਚੇ ਘਟਾਉਣ ਅਤੇ ਵਾਤਾਵਰਨ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਉਪਰੰਤ ਡਾ. ਹਰਉਪਿੰਦਰਜੀਤ ਸਿੰਘ ਨੇ ਪਰਾਲੀ ਪ੍ਰਬੰਧਨ ਦਾ ਕੁਦਰਤੀ ਖੇਤੀ ਵਿੱਚ ਯੋਗਦਾਨ ਬਾਰੇ ਅਤੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਸਬੰਧੀ ਵੀ ਜਾਗਰੂਕ ਕੀਤਾ ਅਤੇ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਿਸਾਨਾਂ ਨੂੰ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕੇ.ਵੀ.ਕੇ. ਨਾਗ ਕਲਾਂ ਤੋਂ ਡਾ.ਆਸਥਾ ਅਤੇ ਡਾ. ਰਮਿੰਦਰ ਕੌਰ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਉਨ੍ਹਾਂ ਵੱਲੋਂ ਚੱਲ ਰਹੇ ਕੁਦਰਤੀ ਖੇਤੀ ਮਿਸ਼ਨ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਕਿਸਾਨਾਂ ਨਾਲ ਕੁਦਰਤੀ ਖੇਤੀ ਦੇ ਢੰਗ-ਤਰੀਕਿਆਂ, ਇਸ ਦੇ ਲਾਭਾਂ ਅਤੇ ਮਿਸ਼ਨ ਨੂੰ ਲਾਗੂ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਡੀ.ਪੀ.ਡੀ. ਹਰਨੇਕ ਸਿੰਘ ਵੱਲੋਂ ਨੈਸ਼ਨਲ ਮਿਸ਼ਨ ਆਨ ਐਗਰੀਕਲਚਰ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਨੇ ਕਿਸਾਨਾਂ ਨੂੰ ਇਸ ਸਕੀਮ ਤਹਿਤ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਪਿੰਡ ਦੀ ਕੋਆਪਰੇਟਿਵ ਸੁਸਾਇਟੀ ਰਾਹੀਂ ਵਿਭਾਗ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ ਸਬੰਧੀ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ, ਤਾਂ ਜੋ ਕਿਸਾਨ ਸਰਕਾਰੀ ਸਕੀਮਾਂ ਦਾ ਲਾਭ ਉਠਾ ਕੇ ਖੇਤੀਬਾੜੀ ਨੂੰ ਹੋਰ ਲਾਹੇਵੰਦ ਬਣਾ ਸਕਣ। ਇਸ ਮੌਕੇ ਡਾ. ਹਰਮਨਦੀਪ ਸਿੰਘ ਬਾਠ, ਖੇਤੀਬਾੜੀ ਵਿਕਾਸ ਅਫ਼ਸਰ, ਬਲਾਕ ਤਰਸਿੱਕਾ ਵੱਲੋਂ ਵੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ,ਕਿਸਾਨਾਂ ਨੂੰ ਦਿੱਤੀਆਂ ਜਾ ਰਹੀਆਂ ਸਬਸਿਡੀਆਂ ਅਤੇ ਖੇਤ ਬਚਾਓ ਅਭਿਆਨ ਸਬੰਧੀ ਤਹਿਤ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਕਿਸਾਨਾਂ ਨੂੰ ਖੇਤੀਬਾੜੀ ਦੀਆਂ ਨਵੀਆਂ ਤਕਨੀਕਾਂ ਅਪਣਾਉਣ, ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨ ਅਤੇ ਟਿਕਾਊ ਖੇਤੀ ਨੂੰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ। ਇਸ ਕੈਂਪ ਵਿੱਚ ਪਿੰਡ ਮੱਤੇਵਾਲ ਤੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਰਮਜੀਤ ਸਿੰਘ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਹ ਸਮਾਗਮ ਅਗਾਂਹਵਧੂ ਕਿਸਾਨ ਗੁਰਪਾਲ ਸਿੰਘ ਦੇ ਖੇਤਾਂ ਵਿੱਚ ਕਰਵਾਇਆ ਗਿਆ, ਜਿੱਥੇ ਪਿੰਡ ਦੇ ਹੋਰ ਅਗਾਂਹਵਧੂ ਕਿਸਾਨ ਵੀ ਮੌਜੂਦ ਸਨ। ਕਿਸਾਨ ਗੁਰਪਾਲ ਸਿੰਘ ਵੱਲੋਂ ਕੈਂਪ ਵਿੱਚ ਪਹੁੰਚੇ ਸਮੂਹ ਅਧਿਕਾਰੀਆਂ, ਕਰਮਚਾਰੀਆਂ ਅਤੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ। ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਕੁਦਰਤੀ ਖੇਤੀ ਪ੍ਰਤੀ ਜਾਗਰੂਕ ਕਰਨਾ, ਖੇਤੀ ਖਰਚੇ ਘਟਾਉਣ, ਸਰਕਾਰੀ ਸਕੀਮਾਂ ਅਤੇ ਸਬਸਿਡੀਆਂ ਦਾ ਲਾਭ ਲੈਣ ਲਈ ਪ੍ਰੇਰਿਤ ਕਰਨਾ ਅਤੇ ਵਾਤਾਵਰਨ ਪੱਖੀ ਖੇਤੀ ਪ੍ਰਣਾਲੀ ਨੂੰ ਉਤਸ਼ਾਹਿਤ ਕਰਨਾ ਸੀ।

ਸਿਵਲ ਲਾਈਨ ਨੌਰਥ ਮੰਡਲ ਪ੍ਰਧਾਨ ਡਾ. ਨੁਰੀਨ ਮਹਾਜਨ ਦੀ ਅਗਵਾਈ ਹੇਠ

ਸਿਵਲ ਲਾਈਨ ਮੰਡਲ ਦੀ ਹੋਈ ਮੀਟਿੰਗ



ਜੰਡਿਆਲਾ ਗੁਰੂ 1 ਨਵੰਬਰ (ਕੁਲਵੰਤ ਸਿੰਘ ਵਿਰਦੀ) ਭਾਰਤੀ ਜਨਤਾ ਪਾਰਟੀ ਯੁਵਾ ਮੋਰਚਾ ਨੇ ਅੰਮ੍ਰਿਤਸਰ ਸਿਵਲ ਲਾਈਨ ਮੰਡਲ ਦੀ ਨਵੀਂ ਟੀਮ ਦਾ ਐਲਾਨ ਕਰ ਦਿੱਤਾ ਹੈ।ਇਸ ਵਿੱਚ ਪ੍ਰਿੰਸ ਕਪੂਰ ਨੂੰ ਪ੍ਰਧਾਨ ਰਿਤਿਸ਼ ਦੇਵਗਨ ਨੂੰ ਸੀਨੀਅਰ ਵਾਈਸ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਨਿਯੁਕਤੀ ਤੋਂ ਬਾਅਦ ਪ੍ਰਿੰਸ ਕਪੂਰ ਤੇ ਰਿਤਿਸ਼ ਦੇਵਗਨ ਨੇ ਕਿਹਾ ਕਿ ਇਹ ਜ਼ਿੰਮੇਵਾਰੀ ਮਿਲਣ ’ਤੇ ਉਹ ਡਾ ਨੂਰੀਨ ਮਹਾਜਨ ਤੇ ਸਮੂਹ ਸੀਨੀਅਰ ਅਹੁਦੇਦਾਰਾਂ ਅਤੇ ਪਾਰਟੀ ਹਾਈਕਮਾਨ ਦਾ ਦਿਲੋਂ ਧੰਨਵਾਦ ਕਰਦੇ ਹਨ। ਉਹਨਾਂ ਕਿਹਾ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਨੌਜਵਾਨਾਂ ਨੂੰ ਭਾਜਪਾ ਨਾਲ ਜੋੜਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ ਹੋਰ ਨਵੇਂ ਬਣੇ ਔਹਦੇਦਾਰਾਂ ਚ ਅੰਮ੍ਰਿਤਪਾਲ ਸਿੰਘ ਸਾਗਰ ਨੂੰ ਮੀਤ ਪ੍ਰਧਾਨ ਤੇ ਕਾਰਤਿਕ ਸ਼ੁਕਲਾ ਨੂੰ ਜਰਨਲ ਸਕੱਤਰ ਨਿਯੁਕਤ ਕੀਤਾ ਗੀਆ ਤੇ ਇਹਨਾ ਨਿਓਕਤੀਆਂ ਦੇ ਨਾਲ ਨਾਲ ਨਵੇਂ ਟੀਮ ਚ ਨਵੇਂ ਮੈਂਬਰ ਪੁਸ਼ਕਰ ਦੇਵਗਨ,ਅੰਮ੍ਰਿਤਪਾਲ, ਦਿਲਪ੍ਰੀਤ ਸਿੰਘ,ਨਿਸ਼ਾਂਤ ਸ਼ਰਮ,ਰਾਘਵ ਮਹਿਰਾ,ਸ਼ੁਭਮ ਕੁਮਾਰ, ਸੰਨੀ,ਅਮਨ ਕੁਮਾਰ,ਅੰਕੁਸ਼ ਸ਼ਮੀਲ ਕੀਤੇ ਗਏ ਇਸ ਮੌਕੇ ਪਾਰਟੀ ਦੇ ਸੀਨੀਅਰ ਔਹਦੇਦਾਰਾਂ ਤੇ ਵਰਕਰਾਂ ਵੱਲੋਂ ਨਵ-ਨਿਯੁਕਤ ਟੀਮ ਤੇ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਗਈਆਂ।

ਭਾਜਪਾ ਯੁਵਾ ਮੋਰਚਾ ਅੰਮ੍ਰਿਤਸਰ ਸਿਵਲ ਲਾਈਨ ਮੰਡਲ ਦੀਆਂ ਨਿਯੁਕਤੀਆਂ ਪ੍ਰਿੰਸ ਕਪੂਰ ਪ੍ਰਧਾਨ ਤੇ ਰਿਤਿਸ਼ ਦੇਵਗਨ ਮੀਤ ਪ੍ਰਧਾਨ ਥਾਪਿਆ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਰਿਆਨ ਇੰਟਰਨੈਸ਼ਨਲ ਸਕੂਲ ਅੰਮ੍ਰਿਤਸਰ ਦੀ ਵਿਦਿਆਰਥਣ ਪੂਰਵੀ ਮਹਿਤਾ ਨੇ ਪੰਜਾਬ ਪੱਧਰ ਦੇ ਟੈਸਟ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ



ਜੰਡਿਆਲਾ ਗੁਰੂ 1 ਨਵੰਬਰ (ਕੁਲਵੰਤ ਸਿੰਘ ਵਿਰਦੀ) ਰਿਆਨ ਇੰਟਰਨੈਸ਼ਨਲ ਸਕੂਲ ਅੰਮ੍ਰਿਤਸਰ ਦੀ ਵਿਦਿਆਰਥਣ ਪੂਰਵੀ ਮਹਿਤਾ (ਜਮਾਤ ਛੇਵੀਂ) ਦੀ ਸ਼ਾਨਦਾਰ ਪ੍ਰਾਪਤੀ ਦਾ ਜਸ਼ਨ ਮਨਾਉਂਦਿਆਂ ਉਨਾਂ ਦੇ ਪਿਤਾ ਹੀਰਾ ਲਾਲ ਮਹਿਤਾ ਨੇ ਕਿਹਾ ਕਿ ਸਾਨੂੰ ਮਾਣ ਮਹਿਸੂਸ ਹੋ ਰਿਹਾ ਹੈ ਕਿ ਸਾਡੀ ਬੇਟੀ ਨੇ ਛੋਟੀ ਉਮਰ ਵਿੱਚ ਹੀ ਪੰਜਾਬ ਪੱਧਰ ਦੇ ਟੈਸਟ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ ।ਪੂਰਵੀ ਮਹਿਤਾ ਪੁੱਤਰੀ ਹੀਰਾ ਲਾਲ ਮਹਿਤਾ, ਨਾਨਕ ਬਰਤਨ ਵਾਲੇ ਜੰਡਿਆਲਾ ਗੁਰੂ ਨੇ ਵਿਜ਼ਡਮ ਗਲੋਬਲ ਚੈਲੇਂਜ 2026 ਵਿੱਚ ਸਟੇਟ-ਲੈਵਲ ਤੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਸ੍ਰੀਮਤੀ ਕੰਚਨ ਮਲਹੋਤਰਾ ਨੇ ਪੂਰਵੀ ਮਹਿਤਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ। ਉਹਨਾਂ ਨੇ ਉਹਨਾਂ ਦੀ ਲਗਨ ਅਤੇ ਉਤਸ਼ਾਹ ਦੀ ਸ਼ਲਾਘਾ ਕੀਤੀ ਅਤੇ ਉਹਨਾਂ ਦੇ ਗਿਆਨ, ਸਮਰਪਣ ਅਤੇ ਉੱਤਮਤਾ ਪ੍ਰਤੀ ਵਚਨਬੱਧਤਾ ਰਾਹੀਂ ਲਗਾਤਾਰ ਚਮਕਦੇ ਰਹਿਣ ਦੀ ਕਾਮਨਾ ਕੀਤੀ।

ਸ਼ਿਵ ਭੋਲਾ ਨਿਸਕਾਮ ਸੇਵਾ ਸਮਤੀ (ਰਜਿ) ਧੂਰੀ ਵੱਲੋਂ ਲੋੜਵੰਦ ਪਰਿਵਾਰ ਨੂੰ ਲੜਕੀ ਦੇ ਵਿਆਹ ਦਾ ਸਮਾਨ ਦਿੱਤਾ



ਧੂਰੀ (ਰਣਜੀਤ ਸਿੰਘ ਪੇਧਨੀ)-ਨਿਸਕਾਮ ਸੇਵਾ ਸਮਤੀ (ਰਜਿ) ਧੂਰੀ ਦੇ ਨੇਨੜੇ ਪਿੰਡ ਇੱਕ ਲੋੜਵੰਦ ਪਰਿਵਾਰ ਕਾਂਝਲਾ ਪਿੰਡ ਦੀ ਲੜਕੀ ਜਿਸ ਦੀ ਸ਼ਾਦੀ 16 ਨਵੰਬਰ ਦੀ ਹੈ ਉਸ ਲੜਕੀ ਨੂੰ ਇਸ ਸੰਸਥਾ ਵੱਲੋਂ ਸ਼ਾਦੀ ਦਾ ਸਮਾਨ ਦਿੱਤਾ ਗਿਆ ਜਿਸ ਵਿੱਚ ਦੋ ਦਰੀਆਂ, ਤਿੰਨ ਕੰਬਲ, 11 ਸੂਟ, ਲੜਕੇ ਲਈ ਦੋ ਪੈਂਟਾਂ ਸ਼ਰਟਾਂ, ਇੱਕ ਪਰਸ, ਇੱਕ ਗਲੇ ਦਾ ਸੈੱਟ ,ਇੱਕ ਚਾਦਰ ,ਇੱਕ ਤੌਲੀਆ, ਇੱਕ ਚੁੰਨੀ, ਇੱਕ ਸ਼ੌਲ ਦੇ ਕੇ ਸੰਸਥਾ ਵੱਲੋਂ ਦਿੱਤਾ ਗਿਆ ਪਰਿਵਾਰ ਵੱਲੋਂ ਸੰਸਥਾ ਦਾ ਧੰਨਵਾਦ ਕੀਤਾ ਗਿਆ ਅਤੇ ਕੁੱਲ ਮਾਲਕ ਦਾ ਸ਼ੁਕਰਾਨਾ ਕੀਤਾ ਗਿਆ, ਪ੍ਰਧਾਨ ਰਕੇਸ਼ ਕੁਮਾਰ ਭੋਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਇਹ ਸਮਾਜ ਸੇਵੀ ਸੰਸਥਾ ਹੈ ਜੋ ਕਿ ਬਿਨਾਂ ਕਿਸੇ ਸਵਾਰਥ ਦੇ ਮਾਨਵਤਾ ਦੀ ਭਲਾਈ ਸੇਵਾ ਲਈ ਕੰਮ ਕਰਦੀ ਹੈ ਧੂਰੀ ਅਤੇ ਇਸ ਦੇ ਆਸ ਪਾਸ ਦੇ ਇਲਾਕਿਆਂ ਵਿੱਚ ਇਹ ਸੰਸਥਾ ਵੱਖ ਵੱਖ ਸਮਾਜਿਕ ਅਤੇ ਭਲਾਈ ਕਾਰਜਾਂ ਵਿੱਚ ਸਰਗਰਮ ਰਹਿੰਦੀ ਕਿਸੇ ਵੀ ਧਰਮ ਦੀ ਕੋਈ ਸ਼ੋਭਾ ਯਾਤਰਾ ਹੋਵੇ ਉੱਥੇ ਵੀ ਇਹ ਸੰਸਥਾ ਵੱਧ ਚੜ ਕੇ ਸੇਵਾ ਕਰਦੀ ਹੈ ਇਸ ਇਸ ਮੌਕੇ ਸੰਸਦ ਦੇ ਪ੍ਰਧਾਨ ਰਾਮੇਸ਼ ਕੁਮਾਰ (ਭੋਲਾ) ਜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਸੰਸਥਾ 39 ਸਾਲਾਂ ਲਗਾਤਾਰ ਸੇਵਾ ਕਾਰਜ ਕਰਦੀ ਆ ਰਹੀ ਹੈ। ਪਰਿਵਾਰ ਵੱਲੋਂ ਸ਼ਿਵ ਭੋਲਾ ਸੰਮਤੀ ਦਾ ਧੰਨਵਾਦ ਕੀਤਾ ਗਿਆ ਇਸ ਮੌਕੇ ਸੰਸਥਾ ਦੇ ਪ੍ਰਧਾਨ ਰਮੇਸ਼ ਕੁਮਾਰ ਗਰਗ (ਭੋਲਾ) , ਸੋਨੀ ਧੀਰ ਕੈਸੇਅਰ, ਵਿਨੋਦ ਗੋਇਲ ਜਨਰਲ ਸੈਕਟਰੀ, ਗੁਲਸ਼ਨ ਕੁਮਾਰ ਸੀਨੀਅਰ ਵਾਈਸ ਪ੍ਰਧਾਨ, ਰਜਿੰਦਰ ਪਾਲ ਵਾਈਸ ਪ੍ਰਧਾਨ,ਦਵਿੰਦਰ ਗੁਪਤਾ ਮੁੱਖ ਸਲਾਹਕਾਰ, ਸੁਰਿੰਦਰ ਸਿੰਘ ਪ੍ਰੈਸ ਸੈਕਟਰੀ, ਰਕੇਸ਼ ਜੈਨ, ਬੀਰਜ ਭੂਸ਼ਣ ਭਾਟੀਆ, ਨਰੇਸ਼ ਕੁਮਾਰ ਵਾਈਸ , ਵਿਜੇ ਬਾਂਸਲ ਲੰਗਰ ਇੰਚਾਰਜ ,ਬੁਰਜੇਸ਼ਵਰ ਗੋਇਲ ਚੇਅਰਮੈਨ, ਰਾਜ ,ਕੁਮਾਰ ਪੰਕਜ ਮਹਿਰਾ, ਅਤੇ ਹਾਜ਼ਰ ਸਨ।

ਪੰਜਾਬ ਦੀਆਂ ਮੰਡੀਆਂ ਵਿੱਚ ਕਿਸਾਨਾਂ ਦੀ ਖੱਜਲ-ਖੁਆਰੀ ਬੰਦ ਹੋਵੇ, ਫਸਲਾਂ ਦੀ ਖਰੀਦ ਮੁੜ ਸ਼ੁਰੂ ਕੀਤੀ ਜਾਵੇ: ਰਵੀ ਮੋਹਨ

ਪਠਾਨਕੋਟ, 1 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਮੰਡੀਕਰਨ ਬੋਰਡ ਦੇ ਚੇਅਰਮੈਨ ਤੁਰੰਤ ਦਖਲ ਦੇਣ, ਕਿਸਾਨਾਂ ਦੀ ਪੁਕਾਰ ਸੁਣੇ ਸੂਬਾ ਸਰਕਾਰ ,ਪੰਜਾਬ ਦਾ ਕਿਸਾਨ ਪਹਿਲਾਂ ਹੀ ਮੌਸਮ ਦੀ ਮਾਰ ਅਤੇ ਕੁਦਰਤੀ ਮੁਸ਼ਕਲਾਂ ਨਾਲ ਜੂਝ ਰਿਹਾ ਹੈ। ਇਸ ਵਾਰ ਬਰਸਾਤ ਕਾਰਨ ਫਸਲਾਂ ਦੀ ਕਟਾਈ ਅਤੇ ਮੰਡੀਆਂ ਵਿੱਚ ਆਮਦ ਵਿੱਚ ਦੇਰੀ ਹੋਈ ਹੈ। ਪਰ ਅਫਸੋਸ ਦੀ ਗੱਲ ਹੈ ਕਿ ਜਦੋਂ ਕਿਸਾਨ ਆਪਣੀ ਮਿਹਨਤ ਨਾਲ ਤਿਆਰ ਕੀਤੀ ਫਸਲ ਲੈ ਕੇ ਮੰਡੀਆਂ ਵਿੱਚ ਪਹੁੰਚ ਰਹੇ ਹਨ ਤਾਂ ਉਨ੍ਹਾਂ ਨੂੰ ਫਸਲ ਵੇਚਣ ਲਈ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇੱਕ ਪਾਸੇ ਸਰਕਾਰੀ ਖਰੀਦ 26 ਤਰੀਕ ਤੋਂ ਬੰਦ ਹੋਣ ਦੀ ਗੱਲ ਸਾਹਮਣੇ ਆ ਰਹੀ ਹੈ, ਦੂਜੇ ਪਾਸੇ ਕਿਸਾਨ ਆਪਣੀ ਫਸਲ ਲੈ ਕੇ ਮੰਡੀਆਂ ਵਿੱਚ ਦੋ-ਦੋ, ਤਿੰਨ-ਤਿੰਨ ਅਤੇ ਚਾਰ-ਚਾਰ ਦਿਨਾਂ ਤੋਂ ਬੈਠੇ ਹਨ। ਕਿਸਾਨਾਂ ਦੀ ਸਭ ਤੋਂ ਵੱਡੀ ਮੁਸ਼ਕਲ ਇਹ ਹੈ ਕਿ ਉਹ ਆਪਣੀ ਫਸਲ ਲੈ ਕੇ ਮੰਡੀ ਵਿੱਚ ਤਾਂ ਪਹੁੰਚ ਜਾਂਦੇ ਹਨ, ਪਰ ਖਰੀਦ ਨਾ ਹੋਣ ਕਾਰਨ ਉਨ੍ਹਾਂ ਨੂੰ ਕੋਈ ਸਪੱਸ਼ਟ ਰਾਹ ਨਹੀਂ ਮਿਲ ਰਿਹਾ। ਕਿਸਾਨ ਜਦੋਂ ਆੜ੍ਹਤੀਆਂ ਕੋਲ ਆਪਣੀ ਸਮੱਸਿਆ ਲੈ ਕੇ ਜਾਂਦੇ ਹਨ ਤਾਂ ਕਈ ਥਾਵਾਂ ’ਤੇ ਉਨ੍ਹਾਂ ਨੂੰ ਇਹ ਜਵਾਬ ਦਿੱਤਾ ਜਾਂਦਾ ਹੈ ਕਿ ਸਰਕਾਰ ਵੱਲੋਂ ਖਰੀਦ ਬੰਦ ਕਰ ਦਿੱਤੀ ਗਈ ਹੈ। ਅਜਿਹੇ ਹਾਲਾਤ ਵਿੱਚ ਕਿਸਾਨ ਆਖ਼ਰ ਆਪਣੀ ਫਸਲ ਲੈ ਕੇ ਕਿੱਥੇ ਜਾਣ ? ਕੀ ਆਪਣੀ ਮਿਹਨਤ ਨਾਲ ਪੈਦਾ ਕੀਤੀ ਫਸਲ ਵੇਚਣ ਲਈ ਵੀ ਕਿਸਾਨ ਨੂੰ ਸਰਕਾਰੀ ਦਫ਼ਤਰਾਂ ਅਤੇ ਮੰਡੀਆਂ ਦੇ ਚੱਕਰ ਕੱਟਣੇ ਪੈਣਗੇ ? ਇਸ ਮਾਮਲੇ ਵਿੱਚ ਮੰਡੀਕਰਨ ਬੋਰਡ ਦੇ ਚੇਅਰਮੈਨ ਸਾਹਿਬ ਨੂੰ ਸਿੱਧਾ ਦਖਲ ਦੇਣਾ ਚਾਹੀਦਾ ਹੈ। ਉਨ੍ਹਾਂ ਨੂੰ ਸੂਬੇ ਦੀਆਂ ਮੰਡੀਆਂ ਦੀ ਜ਼ਮੀਨੀ ਹਕੀਕਤ ਦਾ ਜਾਇਜ਼ਾ ਲੈ ਕੇ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਖਰੀਦ ਪ੍ਰਬੰਧ ਸੁਚਾਰੂ ਬਣਾਉਣ ਦੇ ਨਿਰਦੇਸ਼ ਦੇਣੇ ਚਾਹੀਦੇ ਹਨ। ਇਸ ਦੇ ਨਾਲ ਹੀ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੂੰ ਵੀ ਇਸ ਮਾਮਲੇ ਨੂੰ ਪੂਰੀ ਗੰਭੀਰਤਾ ਨਾਲ ਦੇਖਣਾ ਚਾਹੀਦਾ ਹੈ। ਸਰਕਾਰ ਨੂੰ ਸਿਰਫ਼ ਦਫ਼ਤਰੀ ਰਿਪੋਰਟਾਂ ’ਤੇ ਨਿਰਭਰ ਰਹਿਣ ਦੀ ਬਜਾਏ ਮੰਡੀਆਂ ਵਿੱਚ ਕਿਸਾਨਾਂ ਦੀ ਅਸਲ ਸਥਿਤੀ ਨੂੰ ਸਮਝਣਾ ਚਾਹੀਦਾ ਹੈ। ਇਹ ਵੀ ਜ਼ਰੂਰੀ ਹੈ ਕਿ ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਵਿਚਕਾਰ ਤਾਲਮੇਲ ਦੀ ਕਮੀ ਦਾ ਖਮਿਆਜ਼ਾ ਕਿਸਾਨਾਂ ਨੂੰ ਨਾ ਭੁਗਤਣਾ ਪਵੇ। ਜੇਕਰ ਖਰੀਦ ਦੀ ਮਿਆਦ ਖ਼ਤਮ ਹੋ ਗਈ ਹੈ ਜਾਂ ਕਿਸੇ ਕਾਰਨ ਖਰੀਦ ਪ੍ਰਕਿਰਿਆ ਰੋਕੀ ਗਈ ਹੈ ਤਾਂ ਸਰਕਾਰ ਵੱਲੋਂ ਇਸ ਬਾਰੇ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਜਾਣ। ਕਿਸਾਨਾਂ ਨੂੰ ਇੱਕ ਦੂਜੇ ਦਫ਼ਤਰ ਵੱਲ ਭੇਜਣ ਦੀ ਬਜਾਏ ਉਨ੍ਹਾਂ ਦੀ ਸਮੱਸਿਆ ਦਾ ਮੌਕੇ ’ਤੇ ਹੱਲ ਕੀਤਾ ਜਾਵੇ।